SWITCH INSURANCE
AUTO, HOME & COMMERCIAL
Commercial Vehicle Insurance
Commercial Property Insurance
Commercial General Liability (CGL)
Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
Immigration
Real Estate
Commercial Law
Affidavit
Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit punjabipost.ca/epaper | Vol 22* Issue 237 | Wednesday, December 27, 2023 | Tel: 905-793-2202 | Fax: 905-793-2282 | news@punjabipost.ca ਤੁਸੀਂ 'ਪੰਜਾਬੀ ਪੋਸਟ' Onlineਰੋਜ਼ਾਨਾ ਪੜ੍ਹ ਸਕਦੇ ਹੋ

# ਇੱਕਲੇਪਣ ਤੇ ਤਣਾਅ ਨਾਲ ਜੂਝ ਰਹੇ ਹਨ 34 ਫੀ ਸਦੀ ਕੈਨੇਡੀਅਨ

ਓਟਵਾ, 26 ਦਸੰਬਰ (ਪੋਸਟ ਬਿਊਰੋ) : ਕ੍ਰਿਸਮਸ ਤੋਂ ਕੁੱਝ ਦਿਨ ਪਹਿਲਾਂ ਕਰਵਾਏ ਗਏ ਇੱਕ ਨਵੇਂ ਸਰਵੇਖਣ ਵਿੱਚ ਸਾਹਮਣੇ ਆਇਆ ਕਿ ਸਰਵੇਖਣ ਵਿੱਚ ਹਿੱਸਾ ਲੈਣ ਵਾਲੇ ਹਰੇਕ ਤੀਜੇ ਵਿਅਕਤੀ ਨੇ ਇਹ ਆਖਿਆ ਕਿ ਉਹ ਇੱਕਲੇਪਣ ਤੇ ਤਣਾਅ ਤੋਂ ਪ੍ਰਭਾਵਿਤ ਹਨ। ਨੌਜਵਾਨਾਂ ਵਿੱਚ ਇਹ ਅੰਕੜਾ ਜ਼ਿਆਦਾ ਪਾਇਆ ਗਿਆ।

ਮੰਗਲਵਾਰ ਨੂੰ ਮਾਰੂ ਪਬਲਿਕ ਓਪੀਨੀਅਨ ਵੱਲੋਂ ਜਾਰੀ ਕੀਤੇ ਗਏ ਸਰਵੇਖਣ ਵਿੱਚ ਪਾਇਆ ਗਿਆ ਕਿ 34 ਫੀ ਸਦੀ ਲੋਕ ਛੁੱਟੀਆਂ ਦੌਰਾਨ ਇੱਕਲਾਪਣ ਤੇ ਤਣਾਅ ਮਹਿਸੂਸ ਕਰਦੇ ਹਨ ਜਦਕਿ 11 ਫੀ ਸਦੀ



ਨੇ ਆਖਿਆ ਕਿ ਉਹ ਇਹ ਆਸ ਕਰਦੇ ਹਨ ਕਿ ਉਨ੍ਹਾਂ ਨੂੰ ਕੋਈ ਦਿਲਾਸਾ ਤੇ ਹੌਂਸਲਾ ਦੇਣ ਵਾਲਾ ਹੋਵੇ। 18 ਤੋਂ 34 ਸਾਲ ਦਰਮਿਆਨ ਉਮਰ ਵਰਗ ਦੇ ਲੋਕਾਂ ਵਿੱਚੋਂ 54 ਫੀ ਸਦੀ ਦਾ ਕਹਿਣਾ ਸੀ ਕਿ ਉਨ੍ਹਾਂ ਨੂੰ ਇਸ ਤਰ੍ਹਾਂ ਦੀ ਇੱਕਲਤਾ ਤੇ ਤਣਾਅ ਕਾਫੀ ਮਹਿਸੂਸ ਹੁੰਦਾ ਹੈ। 35 ਤੋਂ 54 ਸਾਲ ਦੇ ਉਮਰ ਵਰਗ ਦੇ 36 ਫੀ ਸਦੀ ਲੋਕਾਂ ਦਾ ਇਹੋ ਵਿਚਾਰ ਸੀ।

ਇਸ ਹਾਲੀਡੇਅ ਸੀਜ਼ਨ ਸਰਵੇਖਣ ਵਿੱਚ ਹਿੱਸਾ ਲੈਣ ਵਾਲੇ 44 ਫੀ ਸਦੀ ਲੋਕ, ਜਿਹੜੇ ਸਾਲ ਵਿੱਚ 50,000 ਡਾਲਰ ਤੋਂ ਵੀ ਘੱਟ ਕਮਾਉਂਦੇ ਹਨ, ਦਾ ਮੰਨਣਾ ਹੈ ਕਿ ਉਹ ਕਾਫੀ ਇੱਕਲਤਾ ਤੇ ਉਦਾਸੀ ਮਹਿਸੂਸ ਕਰਦੇ ਹਨ। ਜਿਹੜੇ ਲੋਕ ਵੱਧ ਪੈਸੇ ਕਮਾਉਂਦੇ ਹਨ ਉਨ੍ਹਾਂ ਦੀ ਇਹ ਮਨੋਦਸ਼ਾ ਘੱਟਦੀ ਜਾਂਦੀ ਹੈ। ਓਨਟਾਰੀਓ ਦੇ 40 ਫੀ ਸਦੀ ਲੋਕਾਂ ਵਿੱਚ ਇਸ ਤਰ੍ਹਾਂ ਦੇ ਨਕਾਰਾਤਮਕ ਖਿਆਲ ਪਾਏ ਗਏ ਅਲਬਰਟਾ ਤੇ ਕਿਊਬਿਕ ਦੇ 32 ਫੀ ਸਦੀ ਲੋਕਾਂ ਵਿੱਚ ਤੇ ਮੈਨੀਟੋਬਾ, ਸਸਕੈਚਵਨ ਤੇ ਬ੍ਰਿਟਿਸ਼ ਕੋਲੰਬੀਆ ਦੇ 27 ਫੀ ਸਦੀ ਲੋਕਾਂ ਵਿੱਚ ਇਸ ਤਰ੍ਹਾਂ ਦੀ ਮਨੋਦਸ਼ਾ ਪਾਈ ਗਈ।

ਜੇ ਕੋਈ ਸੰਕਟ ਵਿੱਚ ਹੋਵੇ ਤਾਂ ਉਹ ਕੈਨੇਡਾ ਦੀ ਸਿਊਸਾਈਡ ਕ੍ਰਾਈਸਿਸ ਹੈਲਪਲਾਈਨ 988 ਉੱਤੇ ਕਾਲ ਜਾਂ ਟੈਕਸਟ ਕਰ ਸਕਦਾ ਹੈ।

## 60 ਸਾਲਾ ਵਿਅਕਤੀ ਦੀ ਸ਼ੱਕੀ ਮੌਤ ਕਾਰਨ ਬਾਈਕ ਸਵਾਰ ਦੀ ਭਾਲ ਕਰ ਰਹੀ ਹੈ ਪੁਲਿਸ

ਟੋਰਾਂਟੋ, 26 ਦਸੰਬਰ (ਪੋਸਟ ਬਿਊਰੋ) : ਟੋਰਾਂਟੋ ਪੁਲਿਸ ਵੱਲੋਂ ਇਸ ਗੱਲ ਦੀ ਪੁਸ਼ਟੀ ਕੀਤੀ ਗਈ ਹੈ ਕਿ ਮੰਗਲਵਾਰ ਸਵੇਰੇ ਰੌਨਸੈਸਵਾਲਜ਼ ਵਿਖੇ ਬਾਈਕ ਉੱਤੇ ਜਾਂਦੇ ਸਮੇਂ ਕਿਸੇ ਚੀਜ਼ ਨਾਲ ਟਕਰਾ ਜਾਣ ਕਾਰਨ ਇੱਕ ਵਿਅਕਤੀ ਦੀ ਮੌਤ ਹੋ ਗਈ।

ਸਵੇਰੇ 9:05 ਵਜੇ ਦੇ ਨੇੜੇ ਤੇੜੇ ਪੁਲਿਸ ਨੂੰ ਹਮਲੇ ਦੀ ਖਬਰ ਦੇ ਕੇ ਸੱਦਿਆ ਗਿਆ ਤੇ ਦੱਸਿਆ ਗਿਆ ਕਿ ਇੱਕ 60 ਸਾਲਾ ਵਿਅਕਤੀ ਬਾਈਕ ਉੱਤੇ ਜਾ ਰਿਹਾ ਸੀ ਜਦੋਂ ਕਿਸੇ ਨੇ ਉਸ ਉੱਤੇ ਕਿਸੇ ਚੀਜ਼ ਨਾਲ ਹਮਲਾ ਕਰ ਦਿੱਤਾ। ਹਮਲੇ ਤੋਂ ਬਾਅਦ ਉਹ ਵਿਅਕਤੀ ਬੇਸੁੱਧ ਹੋ ਗਿਆ ਤੇ ਉਸ ਨੂੰ ਐਮਰਜੰਸੀ ਰੰਨ ਰਾਹੀਂ ਹਸਪਤਾਲ ਲਿਜਾਇਆ ਗਿਆ। ਇੰਸਪੈਕਟਰ ਪੀਟਰ ਵਹਿਬੀ ਨੇ ਦੁਪਹਿਰੇ 1:00 ਵਜੇ ਦੱਸਿਆ ਕਿ ਹਸਪਤਾਲ ਵਿੱਚ ਇਸ ਵਿਅਕਤੀ ਦੀ ਜ਼ਖ਼ਮਾਂ ਦੀ ਤਾਬ



ਨਾ ਸਹਾਰਦਿਆਂ ਹੋਇਆਂ ਮੌਤ ਹੋ ਗਈ।

ਪੁਲਿਸ ਨੇ ਦੱਸਿਆ ਕਿ ਇਹ ਅਚਨਚੇਤੀ ਕੀਤਾ ਗਿਆ ਹਮਲਾ ਸੀ ਤੇ ਇਸ ਨੂੰ ਸ਼ੱਕੀ ਮੰਨ ਕੇ ਪੁਲਿਸ ਕਤਲ ਦੇ ਮਾਮਲੇ ਵਜੋਂ ਇਸ ਦੀ ਜਾਂਚ ਕਰ ਰਹੀ ਹੈ। ਪੁਲਿਸ ਦਾ ਮੰਨਣਾ ਹੈ ਕਿ ਹਮਲੇ ਤੋਂ ਪਹਿਲਾਂ ਮਸ਼ਕੂਕ ਤੇ ਮਾਰੇ ਗਏ ਵਿਅਕਤੀ ਵਿੱਚ ਤਕਰਾਰ ਹੋਈ ਹੋਵੇਗੀ। ਮਸ਼ਕੂਕ ਅਜੇ ਵੀ ਪੁਲਿਸ ਦੀ ਗ੍ਰਿਫਤ ਤੋਂ ਬਾਹਰ ਹੈ।ਪੁਲਿਸ ਵੱਲੋਂ ਜਾਰੀ ਕੀਤੇ ਗਏ ਵੇਰਵੇ ਅਨੁਸਾਰ ਮਸ਼ਕੂਕ ਆਪਣੇ 40ਵਿਆਂ ਵਿੱਚ ਹੈ, ਉਸ ਦਾ ਕੱਦ ਲੱਗਭਗ 5 ਫੁੱਟ 9 ਇੰਚ, ਕੱਦਕਾਠੀ ਦਰਮਿਆਨੀ, ਵਾਲਾਂ ਦਾ ਰੰਗ ਭੂਰਾ ਤੇ ਉਸ ਨੇ ਕਾਲੀ ਜੈਕੇਟ, ਕਾਲੀ ਪੈਂਟ ਪਾਈ ਹੋਈ ਹੈ। ਉਹ ਬਾਈਕ ਉੱਤੇ ਸੀ।

## ਜਿਨਸੀ ਹਮਲਾ ਕਰਨ ਵਾਲੇ ਊਬਰ ਡਰਾਈਵਰ ਨੂੰ ਪੁਲਿਸ ਨੇ ਕੀਤਾ ਚਾਰਜ

ਦਰਹਾਮ, 26 ਦਸੰਬਰ (ਪੋਸਟ ਬਿਊਰੋ) : ਦਰਹਾਮ ਰੀਜਨਲ ਪੁਲਿਸ ਵੱਲੋਂ ਵ੍ਹਿਟਬੀ ਦੇ ਇੱਕ ਊਬਰ ਡਰਾਈਵਰ ਨੂੰ ਜਿਨਸੀ ਹਮਲੇ ਦੇ ਮਾਮਲੇ ਵਿੱਚ ਚਾਰਜ ਕੀਤਾ ਗਿਆ ਹੈ। ਇੱਕ ਮਹਿਲਾ ਪੈਸੈਂਜਰ ਵੱਲੋਂ ਸ਼ਿਕਾਇਤ ਕੀਤੇ ਜਾਣ ਤੋਂ ਬਾਅਦ ਇਸ ਵਿਅਕਤੀ ਨੂੰ ਗ੍ਰਿਫਤਾਰ ਕੀਤਾ ਗਿਆ।

ਪੁਲਿਸ ਵੱਲੋਂ ਜਾਰੀ ਕੀਤੇ ਗਏ ਬਿਆਨ ਵਿੱਚ ਦੱਸਿਆ ਗਿਆ ਕਿ ਐਤਵਾਰ ਨੂੰ ਟੌਂਟਨ ਰੋਡ ਤੇ ਗਾਰਡਨ ਸਟਰੀਟ ਏਰੀਏ ਵਿੱਚੋਂ ਉਨ੍ਹਾਂ ਨੂੰ ਜਿਨਸੀ ਹਮਲਾ ਕੀਤੇ ਜਾਣ ਦੀ ਸ਼ਿਕਾਇਤ ਮਿਲੀ। ਬਿਆਨ ਵਿੱਚ ਆਖਿਆ ਗਿਆ ਕਿ ਇੱਕ ਮਹਿਲਾ ਨੇ ਊਬਰ ਦੇ



ਡਰਾਈਵਰ ਉੱਤੇ ਦੋਸ਼ ਲਾਇਆ ਕਿ ਜਦੋਂ ਉਹ ਉਸ ਦੀ ਕਾਰ ਵਿੱਚ ਆਪਣੇ ਘਰ ਵਾਪਿਸ ਜਾ ਰਹੀ ਸੀ ਤਾਂ ਉਸ ਵਿਅਕਤੀ ਵੱਲੋਂ ਉਸ ਉੱਤੇ ਜਿਨਸੀ ਹਮਲਾ ਕੀਤਾ ਗਿਆ ਹੈ।

ਵ੍ਹਿਟਬੀ ਦੇ 32 ਸਾਲਾ ਅਨੀਸ ਅਸ਼ਰਫ ਨੂੰ ਜਿਨਸੀ ਹਮਲੇ ਦੇ ਦੋ ਮਾਮਲਿਆਂ ਵਿੱਚ ਚਾਰਜ ਕੀਤਾ ਗਿਆ ਹੈ। ਅਦਾਲਤ ਵਿੱਚ ਪੇਸ਼ ਹੋਣ ਦਾ ਵਾਅਦਾ ਕੀਤੇ ਜਾਣ ਉੱਤੇ ਉਸ ਨੂੰ ਰਿਹਾਅ ਕਰ ਦਿੱਤਾ ਗਿਆ। ਜਾਚਕਾਰਾਂ ਨੇ ਦੱਸਿਆ ਕਿ ਉਨ੍ਹਾਂ ਦਾ ਮੰਨਣਾ ਹੈ ਕਿ ਮਸ਼ਕੂਕ ਵੱਖ ਵੱਖ ਐਪਸ ਤਹਿਤ ਰਾਈਡ ਸ਼ੇਅਰ ਕਰਨ ਦੀਆਂ ਸੇਵਾਵਾਂ ਦਿੰਦਾ ਸੀ। ਬਿਆਨ ਵਿੱਚ ਆਖਿਆ ਗਿਆ ਕਿ ਪੁਲਿਸ ਅਧਿਕਾਰੀ ਕੰਪਨੀਆਂ ਦੇ ਸੰਪਰਕ ਵਿੱਚ ਹਨ ਪਰ ਉਨ੍ਹਾਂ ਵੱਲੋਂ ਜਨਤਾ ਨੂੰ ਚੌਕਸ ਰਹਿਣ ਲਈ ਵੀ ਆਖਿਆ ਗਿਆ ਹੈ।

## ਪਾਕਿਸਤਾਨ ਵਿਚ ਪਹਿਲੀ ਵਾਰ ਹਿੰਦੂ ਔਰਤ ਡਾ.ਸਵੀਰਾ ਪ੍ਰਕਾਸ਼ ਲੜੇਗੀ ਵਿਧਾਨ ਸਭਾ ਚੋਣ

ਇਸਲਾਮਾਬਾਦ, 26 ਦਸੰਬਰ (ਪੋਸਟ ਬਿਊਰੋ): ਪਾਕਿਸਤਾਨ ਵਿਚ 25 ਸਾਲਾ ਡਾਕਟਰ ਸਵੀਰਾ ਪ੍ਰਕਾਸ਼ ਨੂੰ ਬਿਲਾਵਲ ਭੁੱਟੋ ਜ਼ਰਦਾਰੀ ਦੀ ਪਾਕਿਸਤਾਨ ਪੀਪਲਜ਼ ਪਾਰਟੀ (ਪੀ.ਪੀ.ਪੀ.) ਨੇ ਖੈਬਰ ਪਖਤੂਨਖਵਾ ਸੂਬੇ ਤੋਂ ਵਿਧਾਨ ਸਭਾ ਚੋਣਾਂ ਲਈ ਟਿਕਟ ਦਿੱਤੀ ਹੈ। ਸਵੀਰਾ ਬੁਨੇਰ ਜ਼ਿਲੇ ਤੋਂ ਚੋਣ ਲੜੇਗੀ। ਉਸ ਦੇ ਪਿਤਾ ਓਮ ਪ੍ਰਕਾਸ਼ ਨੇ ਨਿਊਜ਼ ਏਜੰਸੀ ਪੀ.ਟੀ.ਆਈ. ਨੂੰ ਇਹ ਜਾਣਕਾਰੀ ਦਿੱਤੀ। ਪਾਕਿਸਤਾਨ ਵਿਚ ਪਹਿਲੀ ਵਾਰ ਇੱਕ ਹਿੰਦੂ ਔਰਤ ਵਿਧਾਨ ਸਭਾ ਚੋਣ ਲੜ ਰਹੀ ਹੈ।

ਸਵੀਰਾ ਨੇ ਖੈਬਰ ਪਖਤੂਨਖਵਾ ਦੀ ਪੀ.ਕੇ.-25 ਸੀਟ ਤੋਂ ਆਪਣਾ ਨਾਮਜ਼ਦਗੀ ਪੱਤਰ ਦਾਖਲ ਕੀਤਾ ਹੈ। ਇਸ ਤੋਂ ਇਲਾਵਾ ਸਵੀਰਾ ਨੇ ਔਰਤਾਂ ਲਈ ਰਾਖਵੀਂ ਇੱਕ ਸੀਟ ਲਈ ਵੀ ਨਾਮਜ਼ਦਗੀ ਦਾਖ਼ਲ ਕੀਤੀ ਹੈ। ਪਾਕਿਸਤਾਨ ਦੇ ਚਾਰ ਰਾਜਾਂ ਦੀ ਨੈਸ਼ਨਲ



ਅਸੈਂਬਲੀ ਅਤੇ ਸੂਬਾਈ ਅਸੈਂਬਲੀਆਂ ਲਈ 8 ਫਰਵਰੀ ਨੂੰ ਵੋਟਿੰਗ ਹੋਵੇਗੀ। ਸਵੀਰਾ ਨੇ ਪਿਛਲੇ ਸਾਲ ਐਬਟਾਬਾਦ ਇੰਟਰਨੈਸ਼ਨਲ ਮੈਡੀਕਲ ਕਾਲਜ ਤੋਂ ਐੱਮ.ਬੀ.ਬੀ.ਐੱਸ. ਕੀਤੀ। ਉਹ ਬੁਨੇਰ ਵਿਚ ਪਾਕਿਸਤਾਨ ਪੀਪਲਜ਼ ਪਾਰਟੀ ਦੇ ਮਹਿਲਾ ਵਿੰਗ ਦੀ ਸਕੱਤਰ ਵੀ ਹਨ। ਟਿਕਟ ਮਿਲਣ ਤੋਂ ਬਾਅਦ ਸਵੀਰਾ ਨੇ ਕਿਹਾ ਕਿ ਮੇਰੇ ਪਿਤਾ ਡਾਕਟਰ ਓਮ ਪ੍ਰਕਾਸ਼ ਦੀ ਤਰ੍ਹਾਂ ਮੈਂ ਵੀ ਗਰੀਬਾਂ ਦੀ ਸੇਵਾ ਕਰਨਾ ਚਾਹੁੰਦੀ ਹਾਂ। ਉਨ੍ਹਾਂ ਨੇ 23 ਦਸੰਬਰ ਨੂੰ ਆਪਣਾ ਨਾਮਜ਼ਦਗੀ ਪੱਤਰ ਦਾਖਲ ਕੀਤਾ ਹੈ।

## ਲਗਾਤਾਰ ਦੋ ਦਿਨ ਚੱਲੀਆਂ ਗੋਲੀਆਂ ਦੇ ਮਾਮਲੇ ਦੀ ਜਾਂਚ ਕਰ ਰਹੀ ਹੈ ਪੁਲਿਸ

ਟੋਰਾਂਟੋ, 26 ਦਸੰਬਰ (ਪੋਸਟ ਬਿਊਰੋ) : ਟੋਰਾਂਟੋ ਪੁਲਿਸ ਦਾ ਕਹਿਣਾ ਹੈ ਕਿ ਉਹ ਸਾਊਥਈਸਟ ਸਕਾਰਬਰੋ ਇਲਾਕੇ ਵਿੱਚ ਲਗਾਤਾਰ ਦੋ ਦਿਨ ਚੱਲੀਆਂ ਗੋਲੀਆਂ ਦੇ ਮਾਮਲੇ ਦੀ ਤੇਜ਼ੀ ਨਾਲ ਜਾਂਚ ਕਰ ਰਹੀ ਹੈ।



ਦੋਵੇਂ ਘਟਨਾਵਾਂ ਓਲਡ ਕਿੰਗਸਟਨ ਤੇ ਮੌਰਿਸ ਰੋਡਜ਼ ਨੇੜੇ ਪੋਰਟ ਯੂਨੀਅਨ ਏਰੀਏ ਵਿੱਚ ਵਾਪਰੀਆਂ। ਪੁਲਿਸ ਨੇ ਦੱਸਿਆ ਕਿ ਸੋਮਵਾਰ ਨੂੰ ਸਵੇਰੇ 5:40 ਦੇ ਨੇੜੇ ਤੇੜੇ ਕਈ ਗੋਲੀਆਂ ਚੱਲਣ ਦੀਆਂ ਆਵਾਜ਼ਾਂ ਇਸ ਇਲਾਕੇ ਤੋਂ ਸੁਣਾਈ ਦਿੱਤੀਆਂ। ਐਕਸ ਉੱਤੇ ਪਾਈ ਗਈ ਪੋਸਟ ਵਿੱਚ ਟੋਰਾਂਟੋ ਪੁਲਿਸ ਸਰਵਿਸ ਨੇ ਆਖਿਆ ਕਿ ਉਨ੍ਹਾਂ ਨੂੰ ਗੋਲੀਆਂ ਦੇ ਕਈ ਖੋਲ ਇਲਾਕੇ ਵਿੱਚੋਂ ਮਿਲੇ।

ਦੂਜੀ ਘਟਨਾ ਮੰਗਲਵਾਰ ਨੂੰ ਸਵੇਰੇ 5:00 ਵਜੇ ਤੋਂ ਪਹਿਲਾਂ ਵਾਪਰੀ। ਪੁਲਿਸ ਨੇ ਦੱਸਿਆ ਕਿ ਇੱਕ ਵਾਰੀ ਫਿਰ ਕਈ ਗੋਲੀਆਂ ਚੱਲਣ ਦੀਆਂ ਆਵਾਜ਼ਾਂ ਆਈਆਂ ਤੇ ਪੁਲਿਸ ਅਧਿਕਾਰੀਆਂ ਨੇ ਇਹ ਪੁਸ਼ਟੀ ਕੀਤੀ ਕਿ ਇੱਥੇ ਹਥਿਆਰ ਚਲਾਏ ਗਏ ਹਨ। ਦੋਵਾਂ ਮਾਮਲਿਆਂ ਵਿੱਚ ਕਿਸੇ ਦੇ ਜ਼ਖ਼ਮੀ ਹੋਣ ਦੀ ਖਬਰ ਨਹੀਂ ਮਿਲੀ। ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

## ਛੁਰੇਬਾਜ਼ੀ ਮਗਰੋਂ ਪੰਜ ਨੌਜਵਾਨਾਂ ਨੂੰ ਲਿਆ ਗਿਆ ਹਿਰਾਸਤ ਵਿੱਚ

ਟੋਰਾਂਟੋ, 26 ਦਸੰਬਰ (ਪੋਸਟ ਬਿਊਰੋ) : ਬੌਕਸਿੰਗ ਡੇਅ ਵਾਲੇ ਦਿਨ ਡਾਊਨਟਾਊਨ ਦੇ ਇੰਟਰਸੈਕਸ਼ਨ ਨੇੜੇ ਇੱਕ ਨੌਜਵਾਨ ਦੇ ਹੱਥ ਉੱਤੇ ਚਾਕੂ ਨਾਲ ਵਾਰ ਕਰਨ ਦੇ ਮਾਮਲੇ ਵਿੱਚ ਟੋਰਾਂਟੋ ਪੁਲਿਸ ਵੱਲੋਂ ਪੰਜ ਨੌਜਵਾਨਾਂ ਨੂੰ ਹਿਰਾਸਤ ਵਿੱਚ ਲਿਆ ਗਿਆ ਹੈ। ਅਜੇ ਇਨ੍ਹਾਂ ਪੰਜਾਂ ਉੱਤੇ ਚਾਰਜਿਜ਼ ਨਹੀਂ ਲਾਏ ਗਏ।

ਛੁਰੇਬਾਜ਼ੀ ਦੀ ਖਬਰ ਦੇ ਕੇ ਪੁਲਿਸ ਅਧਿਕਾਰੀਆਂ ਨੂੰ ਯੰਗ ਤੇ ਡੰਡਾਸ ਸਟਰੀਟਸ ਉੱਤੇ ਦੁਪਹਿਰੇ 3:00 ਵਜੇ ਸੱਦਿਆ ਗਿਆ। ਪੁਲਿਸ ਨੇ ਦੱਸਿਆ ਕਿ ਇੱਥੇ ਉਨ੍ਹਾਂ ਨੂੰ ਇੱਕ ਨੌਜਵਾਨ ਜ਼ਖ਼ਮੀ ਹਾਲਤ ਵਿੱਚ ਮਿਲਿਆ, ਉਸ ਦੇ ਹੱਥ ਉੱਤੇ ਚਾਕੂ ਨਾਲ ਵਾਰ ਕੀਤਾ ਗਿਆ ਸੀ। ਇਸ ਮਗਰੋਂ ਪੰਜ ਨੌਜਵਾਨਾਂ ਨੂੰ ਹਿਰਾਸਤ ਵਿੱਚ ਲੈ ਲਿਆ ਗਿਆ।ਪੁਲਿਸ ਵੱਲੋਂ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ। ਇਹ ਘਟਨਾ ਉਸ ਸਮੇਂ ਵਾਪਰੀ ਜਦੋਂ ਬੌਕਸਿੰਗ ਡੇਅ ਵਾਲੇ ਦਿਨ ਲੋਕ ਡਾਊਨਟਾਊਨ ਵਿੱਚ ਸ਼ਾਪਿੰਗ ਲਈ ਪਹੁੰਚੇ ਹੋਏ ਸਨ। ਟੋਰਾਂਟੋ ਪੈਰਾਮੈਡਿਕ ਸਰਵਿਸਿਜ਼ ਨੇ ਆਖਿਆ ਕਿ ਉਨ੍ਹਾਂ ਨੂੰ ਮੌਕੇ ਉੱਤੇ ਨਹੀਂ ਸੱਦਿਆ ਗਿਆ। ਕਿਸੇ ਹੋਰ ਦੇ ਜ਼ਖ਼ਮੀ ਹੋਣ ਦੀ ਕੋਈ ਖਬਰ ਨਹੀਂ ਹੈ।

NOW HIRING !!!
ALLKIND INSURANCE
•Life Insurance •Super Visa Insurance
•Critical illness Ins •Mortgage Insurance
•Travel & Visitor Ins •Disability Insurance
•RESP & TFSA & RRSP •Funeral Insurance
SIMRAN SAINI
416.994.7272
www.allkindinsurance.com

MagGas Medical Brampton
MGM MAGGAS MEDICAL INC. Helping you breathe deep and rest easy.
(647) 954-9885
20 Maritime Ont Blvd Unit 15
Brampton, ON L6S 0C2

A-One Drivers TRAINING SCHOOL
G2, G ਦੀ ਹਿੰਦੀ, ਪੰਜਾਬੀ ਉਰਦੂ, ਅੰਗਰੇਜੀ ਭਾਸ਼ਾਵਾਂ ਦੇ ਵਿੱਚ ਪ੍ਰੋਫੈਸ਼ਨਲ ਤਰੀਕੇ ਨਾਲ ਟਰੇਨਿੰਗ ਦਿੱਤੀ ਜਾਂਦੀ ਹੈ
ਨਰਵਸ ਡਰਾਈਵਰ ਹੋ ਜਾਂ ਬਾਰ ਬਾਰ ਫੇਲ ਹੋਣ ਤੋਂ ਬਚਣ ਲਈ ਕਾਲ ਕਰ ਸਕਦੇ ਹੋ
ਫਰੀ ਪਿਕਅਪ
Best Rates For Lessons
] ਮੁਫਤ ਪਿਕਅਪ ਅਤੇ ਡਰਾਪ ਆਫ਼
] ਫੁੱਲ ਕੋਰਸ ਨਾਲ ਇੰਸ਼ੋਰੈਂਸ ਡਿਸਕਾਊਂਟ ਸਰਟੀਫਿਕੇਟ
] ਬਰੈਂਪਟਨ, ਮਿਸੀਸਾਗਾ ਦੇ ਇਲਾਕੇ ਵਿੱਚ ਸੇਵਾਵਾਂ
] ਵਾਜਿਬ ਕੀਮਤ
ਲੇਡੀ ਇੰਸਟ੍ਰਕਟਰ
647-998-7500 ਬਲਵਿੰਦਰ

PEST PROBLEM ?
Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc.
Residential, Commercial
www.ksgpestcontrol.ca
ksgpestcontrol@gmail.com
Amarjeet Singh Gill Certified & Licenced Exterminator

Law Office of Aman Sharma
-Real Estate -Commercial Lease
-Business Purchase & Sale
-Notarizations & Affidavits
-Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
Providing excellent quality legal services to our clients

SUPER VISA INSURANCE EXPERTS
Punjab Insurance Inc
RANJIT GILL Insurance Advisor
Ph: 416.724.5000
Disability Insurance
Mortgage Insurance
Life Insurance
Visitor & Travel Insurance
RESP(Education Plan)
Critical Illness Insurance
7003 Steeles Ave. W, Unit 10, Etobicoke, ON, M9W 0A2
gill@punjabinsurance.ca topinsuranceservices.ca

HELPING YOU PLAN TODAY...FOR TOMORROW
• Supervisa / Visitor Insurance
• Life /Mortgage/Funeral Insurance
• Disability Insurance
• Critical Illness Insurance
• RESP /RRSP
www.ufsinsurance.com
JATINDERBIR S BAJWA Insurance Broker
Dir:647-928-4990
# 25-831 Bovarid Dr. W. Brampton, ON L6X0T9 | www.ufsinsurance.com

KELLEY LAW OFFICE
Immigration Real Estate
Family Law Business Closing
Corporate Wills & Estate
Power of Attorney/Affidavit /Attestations
www.kelleylawoffice.ca | info@kelleylawoffice.ca
ਇੱਥੇ ਹਰ ਤਰ੍ਹਾਂ ਦੇ ਇਮੀਗਰੇਸ਼ਨ, ਰੀਅਲ ਅਸਟੇਟ, ਬਿਜਨਸ ਲਾਅ, ਕੋਰਪੋਰੇਟ, ਫੈਮਲੀ ਲਾਅ, ਵਸੀਅਤਨਾਮੇ, ਪਾਵਰ ਆਫ ਅਟੋਰਨੀ, ਰਾਹਦਾਰੀ ਅਤੇ ਹੋਰ ਕਾਨੂੰਨੀ ਸਲਾਹ ਮਸ਼ਵਰੇ ਲਈ ਫੋਨ ਕਰੋ!
1200 Derry Road E, #15, Mississauga, ON L5T 0B3
Shinder Kelley Barrister, Solicitor & Notary Public
905-362-0755

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
• ਪਾਵਰ ਆਫ ਸੇਲ ਨੋਟਿਸ ?
• ਗਾਰਨਿਸ਼ਮੈਂਟ?
• ਬੈਂਕ ਵਲੋਂ ਪੈਸੇ ਦੀ ਮੰਗ ?
• ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available 1888 864 3131
Jasbir Singh Hundal Qualified Credit Counsellor
www.MakeMeDebtFree.ca 416-502-3100 Unit #20 - 7015 Tranmere Drive Mississauga, ON L5S 1T7

Royal Pest Control
Residential Commercial Industrial
Specialist in Bedbugs Service
All Pest Control :
•Mouse & Rats •Spiders & Fleas •Bedbugs •Wasps
•Cockroaches •Carpenter Ants •Silver Fish •Racoons
Call : PARESH PATEL (Government Approved Licensed Technician)
416 938 4598

PROTECT YOUR HOME FROM PESTS
Pest Control
Low Rates/Excellent Pest Control Services
100% Success rate for bed bug Treatment
Free Home Inspection Call Today
Ranjit Sidhu Certified & Licenced Exterminator
BED BUG MATTRESS COVER ALSO AVAILABLE
A-Z Pest Control Inc.
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Cell: 416-841-4218 Tel: 905-216-5563
AvonFinancial Inc. Brokerage Lic. 12538
Harpreet Singh Goraya Principal Broker (Lic # M12000607)
831 Bovaird Dr. West, Unit 25, Brampton, ON L6X 0T9 Fax : 905-216-0392

MANN LAW FIRM
• Real Estate Law • Business Law
• Wills & Estates • Family Law
• Power of Attorney • Civil Litigation
• Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9 T: 905 799 9333 www.mannlawfirm.ca

## ਅੱਜ ਨਾਮਾ

ਅਕਾਲੀ ਭਾਈ ਆ ਲੱਗ ਪਏ ਹੋਣ ’ਕੱਠੇ,
ਏਕਾ ਕਰਨ ਦੀ ਕਹਿਣ ਸਭ ਬਾਤ ਬੇਲੀ।
ਏਕਾ ਕਰਨਾ ਤੇ ਕਹਿੰਦੇ ਈ ਚੋਣ ਲੜਨੀ,
ਸਾਰੀਆਂ ਧਿਰਾਂ ਨੂੰ ਦੇਣੀ ਆ ਮਾਤ ਬੇਲੀ।
ਸਾਰੇ ਕਹਿਣ ਕਿ ਪਿਆ ਸੀ ਜਦੋਂ ਪਾਟਕ,
ਸਾਂਝੇ ਹਿੱਤਾਂ ਦਾ ਹੋਇਆ ਹੈ ਘਾਤ ਬੇਲੀ।
ਸਿਆਸੀ ਵਿਰੋਧੀਆਂ ਨੂੰ ਦਿੰਦੇ ਦੋਸ਼ ਸਾਰੇ,
ਬੁੱਕਲਾਂ ਅੰਦਰ ਨਾ ਮਾਰ ਰਹੇ ਝਾਤ ਬੇਲੀ।
ਨਿੱਜੀ ਹਿੱਤਾਂ ਲਈ ਆਪੋ ਵਿੱਚ ਲੜੇ ਸੀ ਗੇ,
ਨਿੱਜੀ ਗਰਜ ਲਈ ਪਿੱਛੇ ਫਿਰ ਮੁੜੇ ਬੇਲੀ।
ਨਾਅਰੇ ਸਿੱਖੀ ਦੇ ਹਿੱਤ ਦੇ ਲਾਉਣ ਬੇਸ਼ੱਕ,
ਕੁਰਸੀ ਮੋਹ ਲਈ ਆਪੋ ਵਿੱਚ ਜੁੜੇ ਬੇਲੀ।

**ਤੀਸ ਮਾਰ ਖਾਂ**

# ਨਾਈਜੀਰੀਆ ਵਿਚ ਹਥਿਆਰਬੰਦ ਗੁੱਟਾਂ ਦੇ ਹਮਲਿਆਂ ਵਿਚ 160 ਲੋਕਾਂ ਦੀ ਮੌਤ

ਅਬੂਜਾ, 26 ਦਸੰਬਰ (ਪੋਸਟ ਬਿਊਰੋ): ਮੱਧ ਨਾਈਜੀਰੀਆ ਵਿਚ ਹਥਿਆਰਬੰਦ ਸਮੂਹਾਂ ਦੇ ਹਮਲੇ ਵਿਚ 160 ਲੋਕਾਂ ਦੀ ਮੌਤ ਹੋ ਗਈ। ਇਹ ਹਮਲਾ ਸ਼ਨੀਵਾਰ ਅਤੇ ਐਤਵਾਰ ਨੂੰ ਹੋਇਆ। ਪਠਾਰ, ਕੇਂਦਰੀ ਨਾਈਜੀਰੀਆ ਵਿੱਚ ਪੈਦਾ ਹੋਇਆ। ਨਾਈਜੀਰੀਆ ਦਾ ਇਹ ਖੇਤਰ ਧਾਰਮਿਕ ਅਤੇ ਨਸਲੀ ਤਣਾਅ ਨਾਲ ਗ੍ਰਸਤ ਹੈ। ਇੱਥੇ ਕਿਸਾਨਾਂ ਅਤੇ ਪਸ਼ੂ ਪਾਲਕਾਂ ਵਿਚਕਾਰ ਅਕਸਰ ਝੜਪਾਂ ਹੁੰਦੀਆਂ ਰਹਿੰਦੀਆਂ ਹਨ। ਇਸ ਤੋਂ ਪਹਿਲਾਂ ਮਈ ਵਿਚ ਵੀ ਇੱਥੇ ਹਿੰਸਾ ਦੀਆਂ ਘਟਨਾਵਾਂ ਵਿੱਚ 100 ਤੋਂ ਵੱਧ ਲੋਕਾਂ ਦੀ ਮੌਤ ਹੋ ਗਈ ਸੀ।



ਇਸ ਤੋਂ ਪਹਿਲਾਂ ਨਾਈਜੀਰੀਆ ਦੀ ਫੌਜ ਦੇ ਹਵਾਲੇ ਨਾਲ ਮੀਡੀਆ ਰਿਪੋਰਟਾਂ ਵਿਚ ਕਿਹਾ ਗਿਆ ਸੀ ਕਿ ਹਮਲਿਆਂ ਵਿਚ 16 ਲੋਕਾਂ ਦੀ ਮੌਤ ਹੋ ਗਈ ਸੀ। ਪਰ ਬਾਅਦ ਵਿੱਚ 160 ਲੋਕਾਂ ਦੀ ਮੌਤ ਦੀ ਪੁਸ਼ਟੀ ਹੋ ਗਈ। ਪਠਾਰ ਰਾਜ ਦੇ ਇਕ ਸੀਨੀਅਰ ਅਧਿਕਾਰੀ ਨੇ ਦੱਸਿਆ ਕਿ ਸ਼ਨੀਵਾਰ ਅਤੇ ਐਤਵਾਰ ਨੂੰ ਹੋਏ ਇਨ੍ਹਾਂ ਯੋਜਨਾਬੱਧ ਹਮਲਿਆਂ ਵਿਚ 160 ਲੋਕ ਮਾਰੇ ਗਏ। ਇੱਥੇ ਡਾਕੂਆਂ ਦੇ ਇੱਕ ਸਮੂਹ ਨੇ ਘੱਟੋ-ਘੱਟ 20 ਭਾਈਚਾਰਿਆਂ 'ਤੇ ਹਮਲਾ ਕੀਤਾ। 160 ਲੋਕਾਂ ਦੀ ਮੌਤ ਹੋ ਗਈ ਜਦੋਂਕਿ 300 ਤੋਂ ਵੱਧ ਜ਼ਖਮੀ ਹੋ ਗਏ।

# ਦਿੱਲੀ ਵਿਚ ਇਜ਼ਰਾਇਲੀ ਦੂਤਾਵਾਸ ਪਿੱਛੇ ਧਮਾਕੇ ਦੀ ਫੈਲੀ ਸੂਚਨਾ, ਪੁਲਿਸ ਵਲੋਂ ਪੱਤਰ ਮਿਲਣ ਦਾ ਵੀ ਦਾਅਵਾ

ਨਵੀਂ ਦਿੱਲੀ, 26 ਦਸੰਬਰ (ਪੋਸਟ ਬਿਊਰੋ): ਦੇਸ਼ ਦੀ ਰਾਜਧਾਨੀ ਦਿੱਲੀ ਵਿਚ ਸਥਿਤ ਇਜ਼ਰਾਇਲੀ ਦੂਤਾਵਾਸ ਦੇ ਪਿੱਛੇ ਖਾਲ੍ਹੀ ਪਈ ਜ਼ਮੀਨ ਵਿਚ ਧਮਾਕਾ ਹੋਣ ਸੂਚਨਾ ਹੈ। ਹੁਣ ਤੱਕ ਪ੍ਰਾਪਤ ਜਾਣਕਾਰੀ ਅਨੁਸਾਰ ਪੁਲਿਸ ਨੂੰ ਇੱਕ ਕਾਲ ਆਈ ਸੀ ਜਿਸ ਵਿੱਚ ਇੱਕ ਵਿਅਕਤੀ ਨੇ ਧਮਾਕੇ ਦੀ ਗੱਲ ਕੀਤੀ ਸੀ। ਮਾਮਲੇ ਦੀ ਗੰਭੀਰਤਾ ਨੂੰ ਦੇਖਦੇ ਹੋਏ ਪੁਲਸ ਨੇ ਤੁਰੰਤ ਮੌਕੇ 'ਤੇ ਪਹੁੰਚ ਕੇ ਤਲਾਸ਼ੀ ਮੁਹਿੰਮ ਸ਼ੁਰੂ ਕਰ ਦਿੱਤੀ। ਸਪੈਸ਼ਲ ਸੈੱਲ ਦੀ ਟੀਮ ਵੀ ਮੌਕੇ 'ਤੇ ਭੇਜੀ ਜਾ ਰਹੀ ਹੈ। ਇਜ਼ਰਾਇਲੀ ਦੂਤਘਰ ਨੇ ਇਹ ਵੀ ਕਿਹਾ ਕਿ ਸ਼ਾਮ ਕਰੀਬ 5:10 ਵਜੇ ਦੂਤਾਵਾਸ ਦੇ ਨੇੜੇ ਧਮਾਕਾ ਹੋਇਆ।



ਜਾਣਕਾਰੀ ਮੁਤਾਬਕ ਫਾਇਰ ਬ੍ਰਿਗੇਡ ਨੂੰ 5:45 'ਤੇ ਧਮਾਕੇ ਦੀ ਸੂਚਨਾ ਮਿਲੀ, ਜਿਸ ਤੋਂ ਬਾਅਦ ਫਾਇਰ ਬ੍ਰਿਗੇਡ ਅਤੇ ਪੁਲਸ ਅਧਿਕਾਰੀ ਮੌਕੇ 'ਤੇ ਪਹੁੰਚ ਗਏ। ਫਾਇਰ ਅਫ਼ਸਰ ਅਨੁਸਾਰ ਧਮਾਕੇ ਵਰਗੀ ਘਟਨਾ ਦੀ ਮੌਕੇ 'ਤੇ ਪੁਸ਼ਟੀ ਨਹੀਂ ਹੋਈ ਹੈ ਅਤੇ ਨਾ ਹੀ ਧਮਾਕੇ ਦਾ ਕੋਈ ਸਬੂਤ ਮਿਲਿਆ ਹੈ। ਪੂਰੇ ਇਲਾਕੇ ਦੀ ਤਲਾਸ਼ੀ ਲਈ ਗਈ ਹੈ। ਪੁਲਿਸ ਪੂਰੇ ਇਲਾਕੇ ਦੀ ਲਗਾਤਾਰ ਜਾਂਚ ਕਰ ਰਹੀ ਹੈ। ਫਿਲਹਾਲ ਸੀਨੀਅਰ ਪੁਲਸ ਅਧਿਕਾਰੀ ਮੌਕੇ 'ਤੇ ਮੌਜੂਦ ਹਨ। ਹਾਲਾਂਕਿ ਸੂਤਰਾਂ ਦੀ ਮੰਨੀਏ ਤਾਂ ਪੁਲਸ ਨੂੰ ਇਜ਼ਰਾਇਲੀ ਦੂਤਘਰ ਤੋਂ ਕੁਝ ਦੂਰੀ 'ਤੇ ਇਕ ਚਿੱਠੀ ਵੀ ਮਿਲੀ ਹੈ, ਜਿੱਥੋਂ ਧਮਾਕੇ ਦੀ ਆਵਾਜ਼ ਆਈ ਸੀ। ਇਹ ਪੱਤਰ ਇਜ਼ਰਾਈਲੀ ਦੂਤਾਵਾਸ ਦੇ ਰਾਜਦੂਤ ਨੂੰ ਸੰਬੋਧਿਤ ਕੀਤਾ ਗਿਆ ਹੈ। ਪੱਤਰ ਵਿੱਚ ਇੱਕ ਝੰਡਾ ਵੀ ਲਪੇਟਿਆ ਹੋਇਆ ਹੈ। ਪੁਲਿਸ ਨੇ ਪੱਤਰ ਨੂੰ ਕਬਜ਼ੇ ਵਿੱਚ ਲੈ ਲਿਆ ਹੈ।

# ਫਰਾਂਸੀਸੀ ਜੋੜੇ ਨੇ ਆਗਰਾ ਵਿਚ ਹਿੰਦੂ ਰੀਤੀ-ਰਿਵਾਜਾਂ ਨਾਲ ਕਰਵਾਇਆ ਵਿਆਹ

ਆਗਰਾ, 26 ਦਸੰਬਰ (ਪੋਸਟ ਬਿਊਰੋ): ਸਨਾਤਨ ਧਰਮ ਤੋਂ ਪ੍ਰਭਾਵਿਤ ਹੋ ਕੇ ਫਰਾਂਸ ਦੇ ਇੱਕ ਜੋੜੇ ਨੇ ਉੱਤਰ ਪ੍ਰਦੇਸ਼ ਦੇ ਆਗਰਾ ਵਿੱਚ ਆ ਕੇ ਹਿੰਦੂ ਰੀਤੀ-ਰਿਵਾਜਾਂ ਅਨੁਸਾਰ ਵਿਆਹ ਕਰਵਾ ਲਿਆ ਅਤੇ ਸੱਤ ਜਨਮਾਂ ਤੱਕ ਇਕੱਠੇ ਰਹਿਣ ਦੀ ਕਸਮ ਖਾਧੀ। ਫਰਾਂਸੀਸੀ ਜੋੜੇ ਇਸਕੇਂਦਰ (21) ਅਤੇ ਬਸਮਾ (29) ਸਾਲਾਂ ਦੇ ਹਨ।

ਇਸਕੇਂਦਰ ਨੇ ਬਾਸਮਾ ਦੀ ਮਾਂਗ ਭਰੀ ਅਤੇ ਉਸ ਨੂੰ ਮੰਗਲ ਸੂਤਰ ਪਹਿਨਾਇਆ ਅਤੇ ਅਗਨੀ ਕੁੰਡ ਦੇ ਸੱਤ ਫੇਰੇ ਲਏ। ਉਨ੍ਹਾਂ ਨੇ ਹਰ ਫੇਰੇ 'ਤੇ ਪੜ੍ਹੀਆਂ ਗਈਆਂ ਤੁਕਾਂ ਦਾ ਅਰਥ ਆਪਣੀ ਭਾਸ਼ਾ ਵਿਚ ਸਮਝਿਆ।



ਇਸਕੇਂਦਰ ਅਤੇ ਬਾਸਮਾ ਦਾ ਕਹਿਣਾ ਹੈ ਕਿ ਉਨ੍ਹਾਂ ਨੇ ਭਾਰਤੀ ਸੱਭਿਆਚਾਰ ਬਾਰੇ ਪਹਿਲਾਂ ਹੀ ਪੜ੍ਹਿਆ ਸੀ ਅਤੇ ਇੱਥੇ ਆ ਕੇ ਉਨ੍ਹਾਂ ਨੇ ਸਕਾਰਾਤਮਕ ਊਰਜਾ ਮਹਿਸੂਸ ਕੀਤੀ।

ਉਨ੍ਹਾਂ ਨੇ ਦੱਸਿਆ ਕਿ ਸਾਡੀ ਇੱਛਾ ਸੀ ਕਿ ਅਸੀਂ ਭਾਰਤ ਜਾ ਕੇ ਦੁਬਾਰਾ ਵਿਆਹ ਕਰੀਏ। ਉਨ੍ਹਾਂ ਨੇ ਦੱਸਿਆ ਕਿ ਜਦੋਂ ਅਸੀਂ ਇੰਟਰਨੈੱਟ 'ਤੇ ਖੋਜ ਕੀਤੀ ਤਾਂ ਸਾਨੂੰ ਪਤਾ ਲੱਗਾ ਕਿ ਪੁਨਰ-ਵਿਆਹ ਲਈ ਆਗਰਾ ਤੋਂ ਵਧੀਆ ਕੋਈ ਸ਼ਹਿਰ ਨਹੀਂ ਹੋ ਸਕਦਾ। ਉਨ੍ਹਾਂ ਨੇ ਦੱਸਿਆ ਕਿ ਸ਼ਾਹਜਹਾਂ ਨੇ ਆਗਰਾ ਵਿੱਚ ਹੀ ਆਪਣੀ ਪਤਨੀ ਲਈ ਤਾਜ ਮਹਿਲ ਬਣਵਾਇਆ ਸੀ, ਜੋ ਪਿਆਰ ਦਾ ਸਭ ਤੋਂ ਖ਼ੂਬਸੂਰਤ ਪ੍ਰਤੀਕ ਹੈ।

# ਐਕਸੀਅਨ ਪੁੱਡਾ ਦੁੱਧ ਦਾ ਬੂਥ ਚਲਾਉਣ ਬਦਲੇ 20,000 ਰੁਪਏ ਦੀ ਮਾਸਿਕ ਰਿਸ਼ਵਤ ਲੈਂਦਾ ਵਿਜੀਲੈਂਸ ਬਿਊਰੋ ਵੱਲੋਂ ਕਾਬੂ

ਚੰਡੀਗੜ੍ਹ, 26 ਦਸੰਬਰ (ਗਿਆਨ ਸਿੰਘ): ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚਲਾਈ ਮੁਹਿੰਮ ਦੌਰਾਨ ਮੰਗਲਵਾਰ ਨੂੰ ਗੁਰਪ੍ਰੀਤ ਸਿੰਘ, ਕਾਰਜਕਾਰੀ ਇੰਜਨੀਅਰ, ਪੰਜਾਬ ਸ਼ਹਿਰੀ ਵਿਕਾਸ ਅਥਾਰਟੀ (ਪੁੱਡਾ), ਅੰਮ੍ਰਿਤਸਰ ਨੂੰ 20,000 ਰੁਪਏ ਦੀ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਗ੍ਰਿਫਤਾਰ ਕਰ ਲਿਆ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਓਰੋ ਦੇ ਇੱਕ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਉਪਰੋਕਤ ਮੁਲਜ਼ਮ ਨੂੰ ਅੰਮ੍ਰਿਤਸਰ ਜਿਲੇ ਦੇ ਪਿੰਡ ਦਬੁਰਜੀ ਦੇ ਨਿਵਾਸੀ ਗੁਰ-ਦਰਸ਼ਨ ਸਿੰਘ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਉੱਪਰ ਕਾਰਵਾਈ ਉਪਰੰਤ ਗ੍ਰਿਫਤਾਰ ਕੀਤਾ ਗਿਆ ਹੈ।



ਉਨ੍ਹਾਂ ਅੱਗੇ ਦੱਸਿਆ ਕਿ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚਕੇ ਦੋਸ਼ ਲਾਇਆ ਕਿ ਉਸ ਨੂੰ ਦਰਬਾਰ ਸਾਹਿਬ, ਅੰਮ੍ਰਿਤਸਰ ਦੇ ਨੇੜੇ ਪੁੱਡਾ ਵੱਲੋਂ ਦੁੱਧ ਵਿਕਰੀ ਦਾ ਬੂਥ ਲ 2016 ਵਿੱਚ ਅਲਾਟ ਹੋਇਆ ਸੀ। ਜਦੋਂ ਉਹ ਸਾਲ 2021 ਵਿੱਚ ਕਨੇਡਾ ਚਲਾ ਗਿਆ ਤਾਂ ਉਸਦੇ ਪਿਤਾ ਵੱਲੋਂ ਇਹ ਬੂਥ ਚਲਾਇਆ ਜਾ ਰਿਹਾ ਸੀ। ਉਕਤ ਪੁੱਡਾ ਐਕਸੀਅਨ ਵੱਲੋਂ ਇਸ ਬੂਥ ਨੂੰ ਚੱਲਦਾ ਰੱਖਣ ਬਦਲੇ 20,000 ਰੁਪਏ ਮਹੀਨਾ ਰਿਸ਼ਵਤ ਦੇਣ ਦੀ ਮੰਗ ਕੀਤੀ ਜਾ ਰਹੀ ਹੈ। ਉਸਨੇ ਅੱਗੇ ਕਿਹਾ ਕਿ ਉਕਤ ਐਕਸੀਅਨ ਨੇ ਉਸਨੂੰ ਧਮਕੀ ਦਿੱਤੀ ਹੈ ਕਿ ਜੇਕਰ ਉਹ ਉਸਨੂੰ 20,000 ਦੀ ਮਹੀਨਾ ਰਿਸ਼ਵਤ ਦੇਣ ਵਿੱਚ ਅਸਫਲ ਰਿਹਾ ਤਾਂ ਉਹ ਉਸਦੇ ਬੂਥ ਦੀ ਅਲਾਟਮੈਂਟ ਰੱਦ ਕਰਵਾ ਦੇਵੇਗਾ। ਸ਼ਿਕਾਇਤਕਰਤਾ ਨੇ ਇਹ ਵੀ ਦੱਸਿਆ ਕਿ ਉਕਤ ਐਕਸੀਅਨ ਪਹਿਲਾਂ ਵੀ ਉਸ ਕੋਲੋਂ ਇਸੇ ਕੰਮ ਬਦਲੇ ਇੱਕ ਲੱਖ ਰੁਪਏ ਲੈ ਚੁੱਕਾ ਹੈ।

ਬੁਲਾਰੇ ਨੇ ਦੱਸਿਆ ਕਿ ਇਸ ਸ਼ਿਕਾਇਤ ਦੀ ਮੁੱਢਲੀ ਜਾਂਚ ਤੋਂ ਬਾਅਦ ਅੰਮ੍ਰਿਤਸਰ ਰੇਂਜ ਤੋਂ ਵਿਜੀਲੈਂਸ ਬਿਊਰੋ ਦੀ ਟੀਮ ਨੇ ਜਾਲ ਵਿਛਾ ਕੇ ਉਕਤ ਐਕਸੀਅਨ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ 20,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕਰ ਲਿਆ। ਇਸ ਸਬੰਧੀ ਉਕਤ ਮੁਲਜ਼ਮ ਖ਼ਿਲਾਫ਼ ਵਿਜੀਲੈਂਸ ਬਿਓਰੋ ਦੇ ਥਾਣਾ ਅੰਮ੍ਰਿਤਸਰ ਰੇਂਜ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਕੀਤੀ ਜਾ ਰਹੀ ਹੈ।

REXDALE FINANCIAL SERVICES
WE HELP YOU START, GROW AND SUCCEED
We bring Canada's leading lenders to you
The Mortgage Centre
I direct mortgages Inc.
21 Roysun Rd, #6, Woodbridge, ON L4L 8R3
Ph: 905.652.3000 ext 467 | 905.652.300 ext 468
Each Mortgage center is independently owned and operated
Call now: 416.674.8035 | 416.674.7050 or Fax: 416.674.9009
ਮਿਲ ਰਹੇ ਘੱਟ ਵਿਆਜ ਦਰਾਂ ਦਾ ਫਾਇਦਾ ਚੱਕੋ ਅਤੇ ਹਜ਼ਾਰਾਂ ਹੀ ਡਾਲਰ ਬਚਾਓ!
• DEBT CONSOLIDATION • HOME EQUITY
• LOANS • HOME RENOVATION
• WANT TO GET OUT OF CREDIT CARD DEBT
ਜਿਆਦਾ ਕਰਜਾ ਦੇ ਕੇ ਥੱਕ ਚੁੱਕੇ ਹੋ?
ਆਪਣਾ ਕਰਜਾਂ ਚੁਕਾਓ!!!
ਬੈਂਕ ਨੇ ਕਰ ਦਿੱਤੀ 'ਨਾਂਹ',
ਅਸੀਂ ਕਰਾਂਗੇ 'ਹਾਂ'
MORTGAGES SUITABLE FOR EVERY NEED!
1st & 2nd Mortgage Available
ALL IN ONE LOW MONTHLY PAYMENT!
Increase Your Cash Flow by up to 50%
YOU NEED A MORTGAGE? WE'LL ARANGE IT FOR YOU NO MATTER WHAT YOUR REASON IS!
Self Employed or Unemployed
Each Mortgage Centre is independently owned and operated
19 Woodbine Downs Blvd, #201, Etobicoke, ON M9W 6N5
Jaspal Singh Gahunia #M08006400
416.677.0047

TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroverCPA Professional Corporation
214-7895 Tranmere Drive, Mississauga ON L5S 1V9

ਆਓ ਸੱਤ ਸਮੁੰਦਰੋ ਪਾਰ ਵਾਲਿਆਂ ਦਾ ਵੀ ਸੋਚੀਏ
Super Visa
■ How your spouse can join you within 4-6 months
■ How your parents can join you
■ How students & skilled people can come to Canada
■ How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
ICCRC
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

ਬਰਾੜ ਗਰਾਜ ਡੋਰ
ਅਸੀਂ ਰੀਪੇਅਰ ਕਰਦੇ ਹਾਂ :
BROKEN SPRINGS
CABLES & ROLLERS
GARAGE DOOR OPENERS
We Install Garage Door Openers
ਸੰਪਰਕ ਕਰੋ: (416) 357-4082, ਈਮੇਲ ਕਰੋ: brargaragedoors@gmail.com

UK TRUCK TRAINING CENTRE
PCC #179958
Registered as a Private Careers College
ਹੁਣ ਕੈਮਬ੍ਰਿਜ ਵਿੱਚ ਨਵੀਂ ਲੋਕੇਸ਼ਨ ਖੁੱਲ ਗਈ ਹੈ!!!
225 Sheldon Dr #18, Cambridge
Automatic & Manual Trucks
1 on 1 Training
Air Brake Classes
Sat & Sun 8.00am to 4.00pm
Wed & Thu 4.00pm to 11.00pm
ਜਲਦੀ ਰੋਡ ਟੈਸਟ ਬੁਕਿੰਗ
Forklift Training
Forklift $79 Recertification
Counterbalance
Reach Truck
ਬਾਰ-ਬਾਰ ਫੇਲ੍ਹ ਹੋਣ ਤੋਂ ਬਚਣ ਲਈ ਤਜ਼ਰਬੇਕਾਰ ਇੰਸਟ੍ਰਕਟਰ ਤੋਂ ਟ੍ਰੇਨਿੰਗ ਪ੍ਰਾਪਤ ਕਰੋ।
We help in Written Test & in Finding Jobs
20 ਸਾਲਾਂ ਦਾ ਤਜ਼ਰਬਾ | 7 ਦਿਨ ਖੁੱਲਾ | ਗੇਅਰਾਂ ਵਾਲੇ ਟਰੱਕਾ ਦੀ ਸਪੈਸ਼ਲ ਟ੍ਰੇਨਿੰਗ
7542 Bath Rd, Mississauga, ON L4T 1L2, Off:905.673.7979
OPEN 7 DAYS
uktruck1@gmail.com
Jitpal Singh Deol
647-204-1936

# ਮੁੱਖ ਮੰਤਰੀ ਵੱਲੋਂ ਵਿਆਪਕ ਫੰਡਾਂ ਰਾਹੀਂ ਸ਼ਾਹੀ ਸ਼ਹਿਰ ਪਟਿਆਲਾ ਦਾ ਮੁਹਾਂਦਰਾ ਬਦਲਣ ਦਾ ਐਲਾਨ

## * ਵਿਧਾਇਕਾਂ ਅਤੇ ਅਧਿਕਾਰੀਆਂ ਨਾਲ ਮੀਟਿੰਗ ਦੌਰਾਨ ਪਟਿਆਲਾ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਦਾ ਜਾਇਜ਼ਾ * ਸ਼ਹਿਰ ਦੇ ਵਿਕਾਸ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ

ਚੰਡੀਗੜ੍ਹ, 26 ਦਸੰਬਰ (ਪੋਸਟ ਬਿਊਰੋ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਕਿਹਾ ਕਿ ਸੂਬਾ ਸਰਕਾਰ ਆਉਂਦੇ ਦਿਨਾਂ ਵਿੱਚ ਹੋਰ ਕਰੋੜਾਂ ਰੁਪਏ ਖਰਚ ਕੇ ਪਟਿਆਲਾ ਦੇ ਸਰਬਪੱਖੀ ਵਿਕਾਸ ਨੂੰ ਵੱਡਾ ਹੁਲਾਰਾ ਦੇਵੇਗੀ ਜਿਸ ਨਾਲ ਸ਼ਾਹੀ ਸ਼ਹਿਰ ਦਾ ਮੁਹਾਂਦਰਾ ਬਦਲਿਆ ਜਾਵੇਗਾ।

ਇੱਥੇ ਆਪਣੇ ਦਫ਼ਤਰ ਵਿਖੇ ਵਿਧਾਇਕਾਂ ਅਤੇ ਅਧਿਕਾਰੀਆਂ ਨਾਲ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਸ ਕਦਮ ਦਾ ਉਦੇਸ਼ ਜਿੱਥੇ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣਾ ਹੈ, ਉਥੇ ਹੀ ਸ਼ਹਿਰ ਦੇ ਵਿਕਾਸ ਨੂੰ ਹੁਲਾਰਾ ਦੇਣਾ ਹੈ। ਉਨ੍ਹਾਂ ਨੇ ਦੁੱਖ ਨਾਲ ਕਿਹਾ ਕਿ ਸੂਬੇ ਦਾ ਵੱਡਾ ਸ਼ਹਿਰ ਹੋਣ ਦੇ ਬਾਵਜੂਦ ਪਟਿਆਲਾ ਵਿਕਾਸ ਦੀ ਰਫ਼ਤਾਰ ਵਿੱਚ ਹੁਣ ਤੱਕ ਦੀਆਂ ਸਰਕਾਰਾਂ ਦੀ ਅਣਦੇਖੀ ਕਾਰਨ ਪਛੜ ਗਿਆ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਹੁਣ ਸੂਬਾ ਸਰਕਾਰ ਜ਼ਿਲ੍ਹੇ ਦੇ ਵਿਕਾਸ ਨੂੰ ਵੱਡਾ ਹੁਲਾਰਾ ਦੇਣ ਲਈ ਕੋਈ ਕਸਰ ਬਾਕੀ ਨਹੀਂ ਛੱਡੇਗੀ।



ਏਜੰਡੇ 'ਤੇ ਚਰਚਾ ਕਰਦੇ ਹੋਏ ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਸ਼ਹਿਰ ਵਿੱਚ ਆਵਾਰਾ ਪਸ਼ੂਆਂ ਦੀ ਸਮੱਸਿਆ ਦੇ ਹੱਲ ਲਈ ਵੱਡੇ ਕਦਮ ਚੁੱਕ ਰਹੀ ਹੈ। ਉਨ੍ਹਾਂ ਅੱਗੇ ਕਿਹਾ ਕਿ ਸ਼ਹਿਰ ਵਿੱਚ 57 ਕਰੋੜ ਰੁਪਏ ਦੀ ਲਾਗਤ ਨਾਲ 77 ਵਿਕਾਸ ਪ੍ਰੋਜੈਕਟ ਪਹਿਲਾਂ ਹੀ ਚੱਲ ਰਹੇ ਹਨ। ਭਗਵੰਤ ਸਿੰਘ ਮਾਨ ਨੇ ਇਹ ਵੀ ਕਿਹਾ ਕਿ ਪਟਿਆਲਾ ਵਾਸੀਆਂ ਨੂੰ 24×7 ਨਹਿਰੀ ਪਾਣੀ ਦੀ ਸਪਲਾਈ ਦੇਣ ਦਾ ਕੰਮ ਵੀ ਜ਼ੋਰਾਂ-ਸ਼ੋਰਾਂ ਨਾਲ ਚੱਲ ਰਿਹਾ ਹੈ ਜੋ ਲੋਕਾਂ ਨੂੰ ਨਿਰੰਤਰ ਅਤੇ ਪੀਣ ਯੋਗ ਪਾਣੀ ਦੀ ਸਪਲਾਈ ਮੁਹੱਈਆ ਕਰਵਾਉਣ ਵਿੱਚ ਸਹਾਈ ਸਿੱਧ ਹੋਵੇਗਾ।

ਮੁੱਖ ਮੰਤਰੀ ਨੇ ਅਧਿਕਾਰੀਆਂ ਨੂੰ ਅਬਲੋਵਾਲ ਡੇਅਰੀ ਪ੍ਰਾਜੈਕਟ ਜਿੱਥੇ ਪਹਿਲਾਂ ਹੀ ਪਲਾਟ ਅਲਾਟ ਕੀਤੇ ਜਾ ਚੁੱਕੇ ਹਨ, ਵਿੱਚ ਡੇਅਰੀਆਂ ਨੂੰ ਤਬਦੀਲ ਕਰਨ ਦੀ ਪ੍ਰਕਿਰਿਆ ਵਿੱਚ ਤੇਜ਼ੀ ਲਿਆਉਣ ਲਈ ਵੀ ਆਖਿਆ। ਉਨ੍ਹਾਂ ਕਿਹਾ ਕਿ ਮਾਡਲ ਟਾਊਨ ਡਰੇਨ ਦੇ ਨਿਰਮਾਣ ਦਾ ਪਹਿਲਾ ਪੜਾਅ ਪੂਰਾ ਹੋ ਚੁੱਕਾ ਹੈ ਅਤੇ ਛੇ ਕਿਲੋਮੀਟਰ ਦੇ ਫੇਜ਼-2 ਨੂੰ 65 ਕਰੋੜ ਰੁਪਏ ਦੀ ਲਾਗਤ ਨਾਲ ਪੂਰਾ ਕੀਤਾ ਜਾਵੇਗਾ। ਭਗਵੰਤ ਸਿੰਘ ਮਾਨ ਨੇ ਸੀਵਰੇਜ ਟਰੀਟਮੈਂਟ ਪਲਾਂਟਾਂ ਦੇ ਕੰਮਕਾਜ ਅਤੇ ਸ਼ਹਿਰ ਵਿੱਚ ਲੋਕਾਂ ਲਈ ਸਾਫ਼-ਸਫ਼ਾਈ ਦੀਆਂ ਸਹੂਲਤਾਂ ਨੂੰ ਯਕੀਨੀ ਬਣਾਉਣ ਦਾ ਵੀ ਜਾਇਜ਼ਾ ਲਿਆ।

ਮੁੱਖ ਮੰਤਰੀ ਨੇ ਲੋਕਾਂ ਦੀ ਸਹੂਲਤ ਲਈ ਸਟਰੀਟ ਲਾਈਟ, ਪਾਰਕਾਂ ਦੀ ਸਾਂਭ-ਸੰਭਾਲ, ਵਿਰਾਸਤੀ ਸਟਰੀਟ ਪ੍ਰੋਜੈਕਟ, ਛੋਟੀ ਬੜੀ ਨਦੀ ਪ੍ਰੋਜੈਕਟ ਅਤੇ ਹੋਰ ਕੰਮਾਂ ਦਾ ਵੀ ਜਾਇਜ਼ਾ ਲਿਆ। ਉਨ੍ਹਾਂ ਨੇ ਅਧਿਕਾਰੀਆਂ ਨੂੰ ਕਿਹਾ ਕਿ ਚੱਲ ਰਹੇ ਕੰਮਾਂ ਨੂੰ ਨਿਰਧਾਰਿਤ ਸਮੇਂ ਅੰਦਰ ਮੁਕੰਮਲ ਕਰਨਾ ਯਕੀਨੀ ਬਣਾਇਆ ਜਾਵੇ। ਇਸੇ ਤਰ੍ਹਾਂ ਭਗਵੰਤ ਸਿੰਘ ਮਾਨ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਨਵੇਂ ਪ੍ਰੋਜੈਕਟਾਂ ਦੀ ਰੂਪ-ਰੇਖਾ, ਵਿਉਂਤਬੰਦੀ ਅਤੇ ਅਮਲ ਨੂੰ ਉੱਚ ਪੇਸ਼ੇਵਰ ਅਤੇ ਪਾਰਦਰਸ਼ੀ ਢੰਗ ਨਾਲ ਲਾਗੂ ਕਰਨਾ ਯਕੀਨੀ ਬਣਾਇਆ ਜਾਵੇ।

ਇਸ ਦੌਰਾਨ ਮੁੱਖ ਮੰਤਰੀ ਨੇ ਅਧਿਕਾਰੀਆਂ ਨੂੰ ਮੌਜੂਦਾ ਬੱਸ ਸਟੈਂਡ ਨੂੰ ਸਿਟੀ ਬੱਸ ਸਟੈਂਡ ਵਜੋਂ ਵਰਤਣ ਦੀ ਸੰਭਾਵਨਾ ਤਲਾਸ਼ਣ ਲਈ ਵੀ ਆਖਿਆ। ਮੁੱਖ ਮੰਤਰੀ ਨੇ ਕਿਹਾ ਕਿ ਇਹ ਲੋਕਾਂ ਨੂੰ ਜਨਤਕ ਆਵਾਜਾਈ ਦੇ ਬਿਹਤਰ ਸਾਧਨ ਮੁਹੱਈਆ ਕਰਵਾਉਣ ਵਿੱਚ ਸਹਾਈ ਸਿੱਧ ਹੋ ਸਕਦਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਸਰਕਾਰ ਸ਼ਹਿਰ ਦੇ ਵਿਆਪਕ ਵਿਕਾਸ ਅਤੇ ਲੋਕਾਂ ਦੀ ਖੁਸ਼ਹਾਲੀ ਨੂੰ ਯਕੀਨੀ ਬਣਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ।




ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post

# CLASSIFIEDS

Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ
ਕਾਲ ਕਰੋ: 905-793-2202

## ਲੜਕੀ ਦੀ ਲੋੜ

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

## ਲੜਕੇ ਦੀ ਲੋੜ

ਜੱਟ ਸਿੱਖ ਸਿੱਧੂ ਪਰਿਵਾਰ ਦੀ ਲੜਕੀ, 28 ਸਾਲ, 5'6", ਕੇਨੈਡਾ ਵਿੱਚ ਵਿਜਟਰ ਵੀਜ਼ੇ 'ਤੇ ਰਹਿ ਰਹੀ ਲੜਕੀ ਲਈ ਕੈਨੇਡੀਅਨ ਸਿਟੀਜਨ/ਪੀ.ਆਰ. ਜੱਟ ਸਿੱਖ ਲੜਕੇ ਦੀ ਜ਼ਰੂਰਤ। ਸੰਪਰਕ: 647-203-7573

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

## ਲੜਕੇ ਦੀ ਲੋੜ

ਗਿੱਲ ਜੱਟ ਸਿੱਖ, 1992, ਇਕਲੌਤੀ, B.Tech. ਲੜਕੀ ਲਈ ਗੁਰਸਿੱਖ ਕੈਨੇਡੀਅਨ ਸੈਟਲਡ ਪਰਿਵਾਰ ਦੇ ਲੜਕੇ ਦੀ ਲੋੜ। ਸੰਪਰਕ: 9464034653, 2364582228

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁਟ 4", ਬੀ.ਏ ਪਾਸ, ਹੇਅਰ ਐਂਡ ਸਕਿੱਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ 'ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ: 9478403300

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11'' ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664












# ਆਉ ਜਾਣੀਏ ਕਣਕ ਦੇ ਪੀਲੇ ਪੈਣ ਦੇ ਮੁੱਖ ਕਾਰਨ ਅਤੇ ਇਨ੍ਹਾਂ ਨੂੰ ਦੂਰ ਕਰਨ ਲਈ ਢੁਕਵੇਂ ਉਪਾਅ

ਚਰਨਜੀਤ ਕੌਰ ਅਤੇ ਰਾਕੇਸ਼ ਕੁਮਾਰ ਸ਼ਰਮਾ

ਕਿਸਾਨ ਵੀਰੋ, ਕਣਕ ਪੰਜਾਬ ਦੀ ਇੱਕ ਪ੍ਰਮੁੱਖ ਫਸਲ ਹੈ ਅਤੇ ਇਸਦਾ ਵੱਖ-ਵੱਖ ਸਮੇਂ ਤੇ ਪੀਲਾ ਪੈਣਾ ਇੱਕ ਚਿੰਤਾ ਦਾ ਵਿਸ਼ਾ ਬਣ ਜਾਂਦਾ ਹੈ। ਜੇਕਰ ਫਸਲ ਦੇ ਪੀਲੇ ਪੈਣ ਦੇ ਮੁੱਖ ਕਾਰਨ ਦਾ ਪਤਾ ਲੱਗ ਜਾਵੇ, ਤਾਂ ਉਸ ਦਾ ਸਹੀ ਸਮੇਂ ਤੇ ਢੁਕਵਾਂ ਉਪਾਅ ਕਰਕੇ ਫਸਲ ਦਾ ਝਾੜ ਵੀ ਵਧੇਰੇ ਮਿਲ ਸਕਦਾ ਹੈ ਅਤੇ ਬੇਲੋੜੇ ਖਰਚ ਵੀ ਘਟਾਏ ਜਾ ਸਕਦੇ ਹਨ। ਮੁੱਖ ਤੌਰ ਤੇ ਕਣਕ ਦੀ ਫਸਲ ਖਰਾਬ ਮੌਸਮ ਕਰਕੇ, ਪਾਣੀ ਜਿਆਦਾ ਲੱਗਣ ਕਰਕੇ, ਗੈਰ ਸ਼ਿਫਾਰਿਸ਼ ਨਦੀਨਨਾਸ਼ਕਾਂ ਦੀ ਵਰਤੋ ਕਾਰਨ, ਤੱਤਾ ਦੀ ਘਾਟ ਹੋਣ ਕਰਕੇ ਜਾਂ ਕੀੜੇ ਅਤੇ ਬਿਮਾਰੀਆਂ ਦੇ ਹਮਲੇ ਨਾਲ ਪੀਲੀ ਪੈਂਦੀ ਹੈ, ਜਿਸ ਦੀ ਵਿਸਤਾਰਪੂਰਵਕ ਜਾਣਕਾਰੀ ਹੇਠਾਂ ਦਿੱਤੇ ਅਨੁਸਾਰ ਹੈ।

## ਪਹਿਲੀ ਸਿੰਚਾਈ ਤੋਂ ਬਾਅਦ ਕਣਕ ਦਾ ਪੀਲਾਪਣ

ਕਿਸਾਨ ਵੀਰੋ ਅਕਸਰ ਦੇਖਿਆ ਗਿਆ ਹੈ ਕਿ ਖੇਤਾਂ ਵਿੱਚ ਕਿਆਰੇ ਬਣਾਉਣ ਦਾ ਪ੍ਰਚਲਨ ਕਾਫੀ ਘੱਟ ਹੈ। ਜਦੋਂ ਅਸੀ ਪਹਿਲੀ ਸਿੰਚਾਈ ਬਿਨਾਂ ਕਿਆਰਿਆਂ ਵਾਲੇ ਖੇਤ ਵਿੱਚ ਕਰਦੇ ਹਾਂ ਤਾਂ ਨਾ ਚਾਹ ਕੇ ਵੀ ਪਾਣੀ ਭਾਰਾ ਲੱਗ ਜਾਂਦਾ ਹੈ। ਕਈ ਵਾਰ ਖੇਤ ਵਿੱਚ ਪਾਣੀ ਟੁੱਟਣ ਕਰਕੇ ਵੀ ਖੇਤ ਦੀ ਦੂਹਰੀ ਸਿੰਚਾਈ ਹੋ ਜਾਂਦੀ ਹੈ। ਪਹਿਲੀ ਸਿੰਚਾਈ ਤੋਂ ਜਲਦ ਬਾਅਦ ਹੀ ਵਰਖਾ ਦਾ ਪੈਣਾ ਵੀ ਪੀਲੇਪਣ ਦਾ ਕਾਰਨ ਹੈ। ਖੇਤ ਵਿੱਚ ਜਿਆਦਾ ਨਮੀ ਹੋਣ ਕਾਰਨ ਬੂਟਿਆਂ ਦੀ ਜੜ੍ਹਾ ਨੂੰ ਹਵਾ ਘੱਟ ਮਿਲਦੀ ਹੈ, ਜੜ੍ਹਾਂ ਦਾ ਵਾਧਾ ਰੁੱਕ ਜਾਂਦਾ ਹੈ ਅਤੇ ਫਸਲ ਪੀਲੀ ਪੈ ਜਾਂਦੀ ਹੈ। ਇਸਦਾ ਉਪਾਅ ਇਹ ਹੈ ਕਿ ਸਾਨੂੰ ਖੇਤ ਵਿੱਚ ਕਿਆਰੇ ਬਣਾਉਣੇ ਚਾਹੀਦੇ ਹਨ, ਭਾਰੀਆਂ ਜਮੀਨਾਂ ਵਿੱਚ 8 ਅਤੇ ਹਲਕੀਆ ਪੈਲੀਆਂ ਵਿੱਚ 16 ਕਿਆਰੇ ਪ੍ਰਤੀ ਏਕੜ ਬਣਾਉਣ ਦੀ ਕੋਸ਼ਿਸ਼ ਕਰੋ। ਭਾਰੀਆਂ ਪੈਲੀਆਂ ਵਿੱਚ ਫਸਲ ਨੂੰ ਪਹਿਲਾ ਪਾਣੀ ਹਲਕਾ ਲਗਾਉ ਤੇ ਮੌਸਮ ਨੂੰ ਧਿਆਨ ਵਿੱਚ ਰੱਖ ਕੇ ਹੀ ਪਾਣੀ ਲਗਾਉ। ਵਾਧੂ ਪਾਣੀ ਨੂੰ ਖੇਤ ਵਿੱਚੋਂ ਬਾਹਰ ਕੱਢਣ ਦੀ ਕੋਸ਼ਿਸ਼ ਕਰੋ। ਜਿਆਦਾ ਗਿੱਲ ਕਾਰਨ ਹੋਣ ਵਾਲੇ ਪੀਲੇਪਣ ਨੂੰ ਦੂਰ ਕਰਨ ਲਈ 3 % ਯੂਰੀਏ (3 ਕਿਲੋ ਯੂਰੀਏ ਨੂੰ 100 ਲਿਟਰ ਪਾਣੀ ਵਿੱਚ ਘੋਲ ਕੇ )ਦਾ ਛਿੜਕਾਅ ਕਰਨਾ ਚਾਹੀਦਾ ਹੈ। ਫ਼ਸਲ ਤੇ ਦੋ ਤਰਫਾ ਛਿੜਕਾਅ ਕਰੋ ਅਤੇ 300 ਲਿਟਰ ਘੋਲ ਪ੍ਰਤੀ ਏਕੜ ਵਰਤੋ।

ਮਾੜੇ ਪਾਣੀ ਦੀ ਵਰਤੋਂ ਕਾਰਨ ਕਣਕ ਦਾ ਪੀਲਾਪਣ- ਜਮੀਨ ਹੇਠਲਾ ਪਾਣੀ ਮਾੜਾ ਹੋਣ ਕਾਰਨ ਵੀ ਕੁੱਝ ਇਲਾਕਿਆਂ ਵਿੱਚ ਕਣਕ ਦੇ ਪੀਲੇ ਪੈਣ ਦੀ ਸਮੱਸਿਆ ਆਉਂਦੀ ਹੈ। ਇਨਾਂ ਹਾਲਤਾਂ ਵਿੱਚ ਟਿਊਬਵੱਲ ਦੇ ਪਾਣੀ ਦੀ ਪਰਖ ਕਰਵਾਉਣੀ ਚਾਹੀਦੀ ਹੈ ਅਤੇ ਪਾਣੀ ਮਾੜਾ ਹੋਣ ਦੀ ਸਥਿਤੀ ਵਿੱਚ ਖੇਤਾਂ ਵਿੱਚ ਸ਼ਿਫਾਰਿਸ਼ ਅਨੁਸਾਰ ਜਿਪਸਮ ਦੀ ਵਰਤੋਂ ਕਰੋ। ਜੇਕਰ ਸੰਭਵ ਹੋਵੇ ਤਾਂ ਪਾਣੀ ਨੂੰ ਚੰਗੇ ਪਾਣੀ ਨਾਲ ਰਲਾ ਕੇ ਜਾਂ ਅਦਲ-ਬਦਲ ਕਰਕੇ ਵੀ ਵਰਤਿਆ ਜਾ ਸਕਦਾ ਹੈ।

ਗੈਰ ਸ਼ਿਫਾਰਿਸ਼ੀ ਨਦੀਨਨਾਸ਼ਕਾ ਦੀ ਵਰਤੋਂ ਕਾਰਨ ਕਣਕ ਦਾ ਪੀਲਾਪਣ- ਗੁੱਲੀ ਡੰਡਾ ਕਣਕ ਦਾ ਸੰਬੰਧਤ ਅਤੇ ਪ੍ਰਮੁੱਖ ਨਦੀਨ ਹੈ। ਇਹ ਨਦੀਨ 2-3 ਲੋਆਂ ਵਿੱਚ ਜੰਮਦਾ ਹੈ। ਇਸ ਨਦੀਨ ਨੂੰ ਕਾਬੂ ਕਰਨ ਲਈ ਬਹੁਤ ਸਾਰੇ ਨਦੀਨਨਾਸ਼ਕ ਬਜ਼ਾਰ ਵਿੱਚ ਉਪਲੱਬਧ ਹਨ, ਜਿਨ੍ਹਾਂ ਚੋ ਕੁਝ ਹੀ ਪੰਜਾਬ ਐਗਰੀਕਲਚਰਲ ਯੂਨੀਵਰਸਿਟੀ, ਲੁਧਿਆਣਾ ਵੱਲੋਂ ਸ਼ਿਫਾਰਸ਼ਸੁਦਾ ਹਨ। ਇਹ ਦੇਖਿਆ ਗਿਆ ਹੈ ਕਿ ਇਸ ਨਦੀਨ ਨੂੰ ਮਾਰਨ ਲਈ ਕਈ ਵਾਰ ਦੁੱਗਣੀ-ਤਿੱਗਣੀ ਮਾਤਰਾ ਵਿੱਚ ਨਦੀਨਨਾਸ਼ਕਾ ਦੀ ਵਰਤੋਂ ਕੀਤੀ ਜਾਂਦੀ ਹੈ, ਜੋ ਕਿ ਕਣਕ ਵਿੱਚ ਜਹਿਰੀਲਾਪਣ ਵਧਾ ਦਿੰਦੀ ਹੈ ਅਤੇ ਕਣਕ ਪੀਲੀ ਪੈ ਜਾਂਦੀ ਹੈ। ਇਸ ਲਈ ਕਿਸਾਨ ਵੀਰਾਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਹਮੇਸ਼ਾ ਯੂਨੀਵਰਸਿਟੀ ਵੱਲੋਂ ਸ਼ਿਫਾਰਸ਼ਸੁਦਾ ਨਦੀਨਨਾਸ਼ਕ ਦੀ ਸਹੀ ਮਾਤਰਾ ਵਿੱਚ, ਸਹੀ ਸਮੇਂ ਤੇ, ਸਹੀ ਪਾਣੀ ਦੀ ਮਾਤਰਾ ਵਰਤ ਕੇ ਤੇ ਸਹੀ ਢੰਗ ਅਨੁਸਾਰ ਛਿੜਕਾਅ ਕੀਤਾ ਜਾਵੇ।

ਤੱਤਾਂ ਦੀ ਘਾਟ ਕਾਰਨ ਪੀਲਾਪਣ- ਕਣਕ ਦੀ ਫਸਲ ਮੁੱਖ ਤੌਰ ਤੇ ਨਾਈਟ੍ਰੋਜਨ, ਮੈਗਨੀਜ ਜਾਂ ਗੰਧਕ ਤੱਤ ਦੀ ਕਮੀ ਕਰਕੇ ਪੀਲੀ ਪੈ ਜਾਂਦੀ ਹੈ। ਇਨ੍ਹਾਂ ਤੱਤਾਂ ਦੀ ਘਾਟ ਦੀਆਂ ਨਿਸ਼ਾਨੀਆਂ ਅਤੇ ਇਲਾਜ ਹੇਠਾਂ ਦਿੱਤੇ ਅਨੁਸਾਰ ਹਨ।

ਨਾਈਟ੍ਰੋਜਨ ਦੀ ਘਾਟ ਇਸ ਤੱਤ ਦੀ ਘਾਟ ਕਰਕੇ ਪੁਰਾਣੇ ਅਤੇ ਹੇਠਲੇ ਪੱਤੇ ਪੀਲੇ ਪੈ ਜਾਂਦੇ ਹਨ ਜਿਸ ਕਾਰਨ ਕਣਕ ਵਿੱਚ ਪੀਲਾਪਣ ਦਿਖਾਈ ਦਿੰਦਾ ਹੈ। ਨਾਈਟ੍ਰੋਜਨ ਤੱਤ (ਯੂਰੀਆ ਖਾਦ) ਦੀ ਵਰਤੋਂ ਸਿਫਾਰਿਸ਼ ਮਾਤਰਾ ਅਨੁਸਾਰ ਸ਼ਿਫਾਰਸ਼ ਸਮੇਂ ਤੇ ਕਰੋ। ਮਿੱਟੀ ਪਰਖ ਦੇ ਆਧਾਰ ਤੇ ਖਾਂਦਾ ਦੀ ਵਰਤੋਂ ਕਰਨ



ਨੂੰ ਤਰਜੀਹ ਦੇਣੀ ਚਾਹੀਦੀ ਹੈ। ਕੱਲਰ ਜਮੀਨਾਂ ਵਿਚ ਸਿਫਾਰਿਸ਼ ਮਾਤਰਾ ਤੋਂ 25 % ਜਿਆਦਾ ਖਾਦ ਪਾਉ।

ਮੈਗਨੀਜ ਦੀ ਘਾਟ- ਇਸ ਤੱਤ ਦੀ ਘਾਟ ਜਿਆਦਾਤਰ ਹਲਕੀਆਂ ਜਮੀਨਾਂ ਵਿੱਚ ਦਿਖਦੀ ਹੈ ਜਿੱਥੇ ਕਣਕ ਝੋਨਾ ਫਸਲੀ ਚੱਕਰ ਕਾਫੀ ਦੇਰ ਤੋਂ ਚੱਲ ਰਿਹਾ ਹੋਵੇ। ਮੈਗਨੀਜ ਦੀ ਘਾਟ ਦੀਆ ਨਿਸ਼ਾਨੀਆਂ ਹਮੇਸ਼ਾ ਉੱਪਰ ਵਾਲੇ ਪੱਤਿਆਂ ਵਿੱਚ ਦਿਖਦੀਆਂ ਹਨ। ਬੂਟਿਆ ਦੇ ਵਿਚਕਾਰਲੇ ਪੱਤਿਆ ਦੀਆਂ ਨਾੜੀਆਂ ਦੀਆਂ ਦਰਮਿਆਨ ਵਾਲੀ ਥਾਂ ਉੱਤੇ ਹਲਕੇ ਪੀਲੇ ਸਲੇਟੀ ਰੰਗ ਤੋਂ ਗੁਲਾਬੀ ਭੂਰੇ ਰੰਗ ਦੇ ਧੱਬੇ ਪੈਂਦੇ ਹਨ। ਇਹ ਧੱਬੇ ਬਾਅਦ ਵਿੱਚ ਇੱਕਠੇ ਹੋ ਕੇ ਇਕ ਲੰਮੀ ਧਾਰੀ ਜਾਂ ਗੋਲ ਆਕਾਰ ਧਾਰਨ ਕਰ ਲੈਂਦੀਆਂ ਹਨ। ਜੇਕਰ ਘਾਟ ਜਿਆਦਾ ਹੋਵੇ ਤਾਂ ਬੂਟੇ ਸੁੱਕ ਜਾਂਦੇ ਹਨ। ਘਾਟ ਨੂੰ ਪੂਰਾ ਕਰਨ ਲਈ 0.5% ਮੈਗਨੀਜ ਸਲਫੇਟ (ਇੱਕ ਕਿਲੋ ਮੈਗਨੀਜ ਸਲਫੇਟ ਨੂੰ 200 ਲਿਟਰ ਪਾਣੀ ਵਿੱਚ ਘੋਲ ਕੇ) ਦਾ ਇੱਕ ਛਿੜਕਾਅ ਪਹਿਲੇ ਪਾਣੀ ਤੋਂ 2-4 ਦਿਨ ਪਹਿਲਾਂ ਅਤੇ ਤਿੰਨ ਛਿੜਾਕਅ ਹਫਤੇ-ਹਫਤੇ ਦੇ ਫਰਕ ਨਾਲ ਧੁੱਪ ਵਾਲੇ ਦਿਨ ਕਰੋ। ਮੈਗਨੀਜ ਨੂੰ ਕਦੇ ਵੀ ਮਿੱਟੀ ਵਿੱਚ ਸਿੱਧਾ ਨਾ ਪਾਉ। ਕਣਕ ਦੀਆਂ ਕਿਸਮਾਂ ਪੀ ਡੀ ਡਬਲਯੂ 291 ਅਤੇ ਡਬਲਯੂ ਐਚ ਡੀ 943 ਨੂੰ ਰੇਤਲੀਆਂ ਜਮੀਨਾਂ ਵਿੱਚ ਨਾ ਉਗਾਉ ਕਿਉਂਕਿ ਇਹਨਾਂ ਵਿੱਚ ਮੈਗਨੀਜ ਦੀ ਘਾਟ ਜਿਆਦਾ ਆਉਂਦੀ ਹੈ।

ਗੰਧਕ ਦੀ ਘਾਟ- ਗੰਧਕ ਦੀ ਘਾਟ ਵੀ ਹਲਕੀਆਂ ਅਤੇ ਰੇਤਲੀਆਂ ਜਮੀਨਾਂ ਵਿੱਚ ਨਜ਼ਰ ਆਉਂਦੀ ਹੈ ,ਖਾਸ ਕਰਕੇ ਜਿੱਥੇ ਕਣਕ ਦੇ ਸੁਰੂਆਤੀ ਵਾਧੇ ਦੌਰਾਨ ਬੱਦਲਵਾਈ ਜਾਂ ਵਰਖਾ ਕਾਫੀ ਦਿਨਾਂ ਤੱਕ ਰਹੇ। ਇਸ ਤੱਤ ਦੀ ਘਾਟ ਦੀਆਂ ਨਿਸ਼ਾਨੀਆਂ ਹਮੇਸ਼ਾ ਨਵੇਂ ਅਤੇ ਉੱਪਰਲੇ ਪੱਤਿਆਂ ਵਿੱਚ ਦਿਖਦੀਆਂ ਹਨ। ਪੱਤਿਆਂ ਦਾ ਹਰਾ ਰੰਗ ਖਰਾਬ ਹੋ ਜਾਂਦਾਂ ਹੈ। ਪੱਤਿਆਂ ਦਾ ਰੰਗ ਨੋਕ ਨੂੰ ਛੱਡ ਕੇ ਹਲਕਾ ਪੀਲਾ ਪੈ ਜਾਂਦਾ ਹੈ ਜਦ ਕਿ ਹੇਠਲੇ ਪੱਤੇ ਲੰਮੇ ਸਮੇਂ ਤੱਕ ਹਰੇ ਹੀ ਰਹਿੰਦੇ ਹਨ। ਗੰਧਕ ਤੱਤ ਦੀ ਘਾਟ ਵਾਲੇ ਖੇਤਾਂ ਵਿੱਚ ਫਾਸਫੋਰਸ ਲਈ ਸਿੰਗਲ ਸੁਪਰਫਾਸਫੇਟ ਖਾਦ ਨੂੰ ਪਹਿਲ ਦਿਉ। ਜਿੱਥੇ ਕਣਕ ਨੂੰ ਫਾਸਫੋਰਸ ਤੱਤ ਸਿੰਗਲ ਸੁਪਰਫਾਸਫੇਟ ਦੇ ਤੌਰ ਤੇ ਨਾ ਪਾਇਆ ਹੋਵੇ, ਉੱਥੇ ਫਸਲ ਨੂੰ ਬਿਜਾਈ ਸਮੇਂ 100 ਕਿਲੋ ਜਿਪਸਮ ਜਾਂ 18 ਕਿਲੋ ਬੈਨਟੋਨਾਈਟ ਸਲਫਰ (90%) ਪ੍ਰਤੀ ਏਕੜ ਪਾਉ। ਜੇਕਰ ਗੰਧਕ ਦੀ ਘਾਟ ਲੱਗੇ ਤਾਂ ਖੜ੍ਹੀ ਫਸਲ ਵਿੱਚ ਵੀ ਜਿਪਸਮ ਦੀ ਵਰਤੋਂ ਕੀਤੀ ਜਾ ਸਕਦੀ ਹੈ।

## ਕੀੜਿਆਂ ਦੇ ਹਮਲੇ ਕਾਰਣ ਫਸਲ ਦਾ ਪੀਲਾਪਣ

5.1 ਸਿਉਂਕ ਦਾ ਹਮਲਾ ਸਿਉਂਕ ਜਿਆਦਾਤਰ ਰੇਤਲੀਆਂ ਜਮੀਨਾਂ ਵਿੱਚ ਬੂਟਿਆਂ ਦਾ ਨੁਕਸਾਨ ਕਰਦੀ ਹੈ। ਕਈ ਵਾਰ ਇਸ ਦਾ ਹਮਲਾ ਬਿਜਾਈ ਤੋਂ ਛੇਤੀ ਬਾਅਦ ਹੀ ਹੋ ਜਾਂਦਾ ਹੈ ਤੇ ਕਈ ਵਾਰ ਫਸਲ ਪੱਕਣ ਨੇੜੇ ਹੁੰਦਾ ਹੈ। ਪ੍ਰਭਾਵਿਤ ਬੂਟੇ ਪੀਲੇ ਪੈ ਕੇ ਸੁੱਕ ਜਾਂਦੇ ਹਨ ਅਤੇ ਅਸਾਨੀ ਨਾਲ ਪੁੱਟੇ ਜਾ ਸਕਦੇ ਹਨ। ਇਸ ਦੀ ਰੋਕਥਾਮ ਲਈ ਬਿਜਾਈ ਤੋਂ ਪਹਿਲਾਂ ਹੀ ਬੀਜ ਨੂੰ 40 ਗ੍ਰਾਮ ਕਰੂਜ਼ਰ 70 ਡਬਲਯੂ ਐਸ (ਥਾਇਆਮੀਥੋਕਸਮ) ਜਾਂ 160 ਮਿਲੀਲਿਟਰ ਡਰਸਬਾਨ/ਰੂਬਾਨ/ਡਰਮੈਟ 20 ਈ ਸੀ (ਕਲੋਰਪਾਈਰੀਫਾਸ) ਜਾਂ 80 ਮਿਲੀਲਿਟਰ ਨਿਉਨਿਕਸ 20 ਐਫ ਐਸ (ਇਮੀਡਾਕਲੋਪਰਿਡ+ਹੈਕਸਾਕੋਨਾਜ਼ੋਲ ) ਲੈ ਕੇ ਇੱਕ ਲਿਟਰ ਪਾਣੀ ਵਿੱਚ ਘੋਲ ਕੇ 40 ਕਿੱਲੋ ਬੀਜ ਦੀ ਪੱਕੇ ਫਰਸ਼, ਤਰਪਾਲ ਜਾਂ ਪਲਾਸਟਿਕ ਦੀ ਸ਼ੀਟ ਤੇ ਪਤਲੀ ਤਹਿ ਵਿਛਾ ਕੇ ਛਿੜਕਾਅ ਕਰਕੇ ਬੀਜ ਨੂੰ ਸੋਧ ਕੇ ਸੁਕਾ ਲਉ। ਜੇਕਰ ਬਿਜਾਈ ਤੋਂ ਬਾਅਦ ਇਸਦਾ ਹਮਲਾ ਨਜ਼ਰ ਆਵੇ ਤਾਂ 7 ਕਿੱਲੋ ਮੋਰਟਲ 0.3 ਜੀ (ਫਿਪਰੋਨਿਲ) ਜਾਂ 1.2 ਲਿਟਰ ਡਰਸਬਾਨ 20 ਈ ਸੀ (ਕਲੋਰਪਾਈਰੀਫਾਸ) ਨੂੰ 20 ਕਿੱਲੋ ਸਲ੍ਹਾਬੀ ਮਿੱਟੀ ਵਿੱਚ ਰ੍ਹਲਾ ਕੇ ਪ੍ਰਤੀ ਏਕੜ ਦੇ ਹਿਸਾਬ ਨਾਲ ਪਹਿਲਾ ਪਾਣੀ ਲਾਉਣ ਤੇ ਪਹਿਲਾਂ ਛੱਟਾ ਦਿਉ।

5.2 ਤਣੇ ਦੀ ਗਲਾਬੀ ਸੁੰਡੀ ਦਾ ਹਮਲਾ- ਗੁਲਾਬੀ ਸੁੰਡੀ ਛੋਟੀ ਫ਼ਸਲ ਤੇ ਹਮਲਾ ਕਰਦੀ ਹੈ। ਸੁੰਡੀਆਂ ਬੂਟਿਆਂ ਦੇ ਤਣਿਆਂ ਵਿੱਚ ਮੋਰੀਆਂ ਕਰਕੇ ਅੰਦਰ ਚਲੀਆਂ ਜਾਂਦੀਆਂ ਹਨ ਅਤੇ ਅੰਦਰਲਾ ਮਾਦਾ ਖਾ ਜਾਂਦੀਆਂ ਹਨ, ਜਿਸ ਕਰਕੇ ਬੂਟੇ ਪੀਲੇ ਪੈ ਜਾਂਦੇ ਹਨ ਅਤੇ ਅੰਤ ਵਿੱਚ ਮਰ ਜਾਂਦੇ ਹਨ। ਸੁੰਡੀ ਦੇ ਹਮਲੇ ਤੋਂ ਬਚਾਅ ਲਈ ਜੇਕਰ ਪਿਛਲੀ ਝੋਨੇ ਦੀ ਫ਼ਸਲ ਵਿੱਚ ਗੁਲਾਬੀ ਸੁੰਡੀ ਦਾ ਹਮਲਾ ਜ਼ਿਆਦਾ ਹੋਵੇ ਤਾਂ ਅਜਿਹੇ ਖੇਤਾਂ ਵਿੱਚ ਅਕਤੂਬਰ ਦੇ ਮਹੀਨੇ ਦੌਰਾਨ ਕਣਕ ਨਾ ਬੀਜੋ। ਕਣਕ ਨੂੰ ਪਾਣੀ ਦਿਨ ਵੇਲੇ ਲਾਉਣ ਨੂੰ ਤਰਜੀਹ ਦੇਵੋ ਤਾਂ ਕਿ ਪੰਛੀ ਵੱਧ ਤੋਂ ਵੱਧ ਇਹਨਾਂ ਸੁੰਡੀਆਂ ਨੂੰ ਖਾ ਸਕਣ। ਜੇਕਰ ਹਮਲਾ ਜ਼ਿਆਦਾ ਹੋਵੇ ਤਾਂ 7 ਕਿੱਲੋ ਮੋਰਟੈਲ/ਰੀਜੈਂਟ 0.3 ਜੀ (ਫਿਪਰੋਨਿਲ) ਜਾਂ 1.0 ਲਿਟਰ ਡਰਸਬਾਨ 20 ਈ ਸੀ (ਕਲੋਰਪਾਈਰੀਫਾਸ) ਨੂੰ 20 ਕਿੱਲੋ ਸਲ੍ਹਾਬੀ ਮਿੱਟੀ ਨਾਲ ਮਿਲਾ ਪਹਿਲਾ ਪਾਣੀ ਲਗਾਉਣ ਤੋਂ ਪਹਿਲਾਂ ਛੱਟਾ ਦਿਉ ਜਾਂ 50 ਮਿਲੀਲਿਟਰ ਕੋਰਾਜਨ 18.5 ਐਸ ਸੀ ( ਕਲੋਰਐਂਟਰਾਨਿਲੀਪਰੋਲ) ਪ੍ਰਤੀ ਏਕੜ 80-100 ਲਿਟਰ ਵਿੱਚ ਘੋਲ ਕੇ ਨੈਪ ਸੈਕ ਪੰਪ ਨਾਲ ਛਿੜਕਾਅ ਕਰੋ।

5.3 ਪੀਲੀ ਕੁੰਗੀ ਦਾ ਹਮਲਾ- ਪੀਲੀ ਕੁੰਗੀ ਕਰਕੇ ਵੀ ਫ਼ਸਲ ਦਾ ਪੀਲਾਪਣ ਨਜ਼ਰ ਆਉਂਦਾਂ ਹੈ। ਇਸ ਦਾ ਹਮਲਾ ਨੀਮ-ਪਹਾੜੀ ਇਲਾਕਿਆਂ ਵਿੱਚ ਸਭ ਤੋਂ ਪਹਿਲਾ ਹੁੰਦਾ ਹੈ। ਫਿਰ ਫਰਵਰੀ-ਮਾਰਚ ਵਿੱਚ ਤੇਜ਼ ਹਵਾਵਾਂ ਨਾਲ ਪੈਣ ਵਾਲੇ ਮੀਂਹ ਕਰਕੇ ਬਿਮਾਰੀ ਦੇ ਕਣ ਰੋਗੀ ਬੂਟਿਆਂ ਤੋਂ ਸਾਰੇ ਪਾਸੇ ਫੈਲ ਜਾਂਦੇ ਹਨ। ਇਸ ਦੇ ਹਮਲੇ ਕਰਕੇ ਪੱਤਿਆਂ ਉੱਤੇ ਪੀਲੇ ਰੰਗ ਦੇ ਧੱਬੇ ਲੰਮੀਆਂ ਧਾਰੀਆਂ ਦੇ ਰੂਪ ਵਿੱਚ ਦਿਖਾਈ ਦਿੰਦੇ ਹਨ, ਜੇਕਰ ਇਹਨਾਂ ਪੱਤਿਆਂ ਨੂੰ ਛੂਹਿਆ ਜਾਵੇ ਤਾਂ ਹੱਥਾਂ ਨੂੰ ਪੀਲਾ ਧੂੜਾ ਲੱਗ ਜਾਂਦਾ ਹੈ। ਇਸ ਦੀ ਰੋਕਥਾਮ ਲਈ ਪੀ.ਏ.ਯੂ ਦੁਆਰਾ ਸਿਫਾਰਿਸ਼ ਕੀਤੀਆਂ ਪੀਲੀ ਕੁੰਗੀ ਦਾ ਟਾਕਰਾ ਕਰਨ ਵਾਲੀਆਂ ਕਿਸਮਾਂ ਜਿਵੇ ਕਿ ਪੀ ਬੀ ਡਬਲਯੂ ਜ਼ਿੰਕ 2, ਪੀ ਬੀ ਡਬਲਯੂ ਆਰ ਐਸ 1, ਪੀ ਬੀ ਡਬਲਯੂ 725, ਉੱਨਤ ਪੀ ਬੀ ਡਬਲਯੂ 550, ਪੀ ਬੀ ਡਬਲਯੂ 752, ਡਬਲਯੂ ਐਚ ਡੀ 943, ਪੀ ਡੀ ਡਬਲਯੂ 291 ਅਤੇ ਪੀ ਬੀ ਡਬਲਯੂ 660 ਬੀਜਣੀਆਂ ਚਾਹੀਦੀਆਂ ਹਨ। ਨੀਮ ਪਹਾੜੀ ਇਲਾਕਿਆ ਵਿੱਚ ਅਕਤੂਬਰ ਦੇ ਮਹੀਨੇ ਕਣਕ ਦੀ ਬਿਜਾਈ ਨਾ ਕਰੋ। ਜਦੋਂ ਵੀ ਬੀਮਾਰੀ ਦੀਆਂ ਨਿਸ਼ਾਨੀਆਂ ਦਿਖਾਈ ਦੇਣ ਤਾਂ 200 ਗ੍ਰਾਮ ਕੈਵੀਅਟ 25 ਡਬਲਯੂ ਜੀ (ਟੈਬੂਕੋਨਾਜ਼ੋਲ) ਜਾਂ 120 ਗ੍ਰਾਮ ਨਟੀਵੋ 75 ਡਬਲਯੂ ਜੀ ( ਟ੍ਰਾਈਫਲੋਕਸੀਸਟ੍ਰੋਬਿਨ+ਟੈਬੂਕੋਨਾਜ਼ੋਲ) ਜਾਂ 200 ਮਿਲੀਲਿਟਰ ਅੰਮਪੈਕਟ ਐਕਸਟਰਾ (ਐਜ਼ੋਕਸੀਸਟ੍ਰੋਬਿਨ+ ਸਾਇਪਰਾਕੋਨਾਜ਼ੋਲ) ਜਾਂ 200 ਮਿਲੀਲਿਟਰ ਉਪੇਰਾ 18.3 ਐਸ ਈ (ਪਾਈਰੈਕਲੋਸਟ੍ਰੋਬਿਨ + ਇਪੋਕਸੀਕੋਨਾਜ਼ੋਲ) ਜਾਂ 200 ਮਿਲੀਲਿਟਰ ਕਸਟੋਡੀਆ 320 ਐਸ ਸੀ (ਐਜ਼ੋਕਸਸੀਸਟ੍ਰੋਬਿਨ+ ਟੈਬੂਕੋਨਾਜ਼ੋਲ)ਜਾਂ 200 ਮਿਲੀਲਿਟਰ ਟਿਲਟ 25 ਈ ਸੀ/ਸ਼ਾਈਨ 25 ਈ ਸੀ/ਬੰਪਰ 25 ਈ ਸੀ/ਸਟਿਲਟ 25 ਈ ਸੀ/ ਕੰਪਾਸ 25 ਈ ਸੀ ਮਾਰਕਜ਼ੋਲ 25 ਈ ਸੀ (ਪ੍ਰੋਪੀਕੋਨਾਜ਼ੋਲ) ਨੂੰ 200 ਲਿਟਰ ਪਾਣੀ ਵਿੱਚ ਘੋਲ ਕੇ ਪ੍ਰਤੀ ਏਕੜ ਦੇ ਹਿਸਾਬ ਨਾਲ ਛਿੜਕਾਅ ਕਰੋ। ਖੇਤਾਂ ਦਾ ਲਗਾਤਾਰ ਸਰਵੇਖਣ ਕਰਦੇ ਰਹੋ ਅਤੇ ਲੋੜ ਪੈਣ ਤੇ ਇਹ ਛਿੜਕਾਅ ਫਿਰ ਦੁਹਰਾਉ ਤਾਂ ਜੋ ਟੀਸੀ ਵਾਲਾ ਪੱਤਾ ਬਿਮਾਰੀ ਰਹਿਤ ਰਹੇ।

ਇਸ ਤੋਂ ਇਲਾਵਾ ਕਈ ਵਾਰ ਲਗਾਤਾਰ ਠੰਢ ਅਤੇ ਕੋਰੇ ਕਾਰਨ ਵੀ ਫਸਲ ਵਿੱਚ ਪੀਲਾਪਣ ਨਜ਼ਰ ਆਉਂਦਾ ਹੈ। ਇਸ ਨੂੰ ਦੂਰ ਕਰਨ ਲਈ ਫਸਲ ਨੂੰ ਲੋੜ ਅਨਸਾਰ ਪਾਣੀ ਦੇਣਾ ਚਾਹੀਦਾ ਹੈ।

# ਕ੍ਰਾਇਓਜੇਨਿਕਸ ਕਿੰਨਾ ਪ੍ਰਭਾਵਸ਼ਾਲੀ ਹੈ?

-ਵਿਜੈ ਗਰਗ-

ਕਰੀਬ ਦੋ ਸਾਲ ਪਹਿਲਾਂ ਦੀ ਇਹ ਖ਼ਬਰ ਇਨ੍ਹੀਂ ਦਿਨੀਂ ਇਕ ਵਾਰ ਫਿਰ ਚਰਚਾ 'ਚ ਆ ਗਈ ਹੈ ਕਿਉਂਕਿ ਅਮਰੀਕਾ ਦੇ ਐਰੀਜ਼ੋਨਾ ਸੂਬੇ 'ਚ... ਸਕਾਟਸਡੇਲ-ਅਧਾਰਤ ਅਲਕੋਰ ਫਰਮ ਨੇ ਆਪਣੇ ਆਪ ਨੂੰ ਕ੍ਰਾਇਓਨਿਕਸ ਦੇ ਖੇਤਰ ਵਿੱਚ ਇੱਕ ਮੋਹਰੀ ਕੰਪਨੀ ਵਜੋਂ ਸਥਾਪਤ ਕਰਨਾ ਸ਼ੁਰੂ ਕਰ ਦਿੱਤਾ ਹੈ। ਇਹ ਦਾਅਵਾ ਕੀਤਾ ਜਾ ਰਿਹਾ ਹੈ ਕਿ ਜੰਮੀਆਂ ਹੋਈਆਂ ਲਾਸ਼ਾਂ ਨੂੰ ਮੁੜ ਜ਼ਿੰਦਾ ਕੀਤਾ ਜਾ ਸਕਦਾ ਹੈ। ਅਮਰੀਕਾ ਵਿੱਚ ਅਜਿਹੇ ਲੋਕਾਂ ਦੀ ਗਿਣਤੀ ਵੱਧ ਰਹੀ ਹੈ ਜੋ ਇਸ ਤਕਨੀਕ ਰਾਹੀਂ ਮਰਨ ਤੋਂ ਬਾਅਦ ਆਪਣੇ ਅਜ਼ੀਜ਼ਾਂ ਦੀਆਂ ਲਾਸ਼ਾਂ ਨੂੰ ਠੰਢਾ ਕਰ ਰਹੇ ਹਨ। ਕੰਪਨੀ ਨੂੰ ਪਹਿਲੀ ਵਾਰ 2021 ਵਿੱਚ ਸਰਗਰਮ ਕੀਤਾ ਗਿਆ ਸੀ, ਪਰ ਵਿਚਕਾਰਇਹ ਮਾਮਲਾ ਮੱਠਾ ਪੈ ਗਿਆ। ਕੰਪਨੀ ਨੇ ਪੂਰੇ ਸਰੀਰ ਨੂੰ ਫ੍ਰੀਜ਼ ਕਰਨ ਲਈ 2 ਲੱਖ ਡਾਲਰ ਤੋਂ ਵੱਧ ਦੀ ਫੀਸ ਵਸੂਲੀ ਹੈ। ਕ੍ਰਾਇਓਜੇਨਿਕ ਤਕਨਾਲੋਜੀ ਨੂੰ 'ਹਾਈਬ੍ਰਿਡ' ਕਿਹਾ ਜਾ ਸਕਦਾ ਹੈ, ਜਿਸ ਦਾ ਤਾਪਮਾਨ ਮਾਈਨਸ 0 ਡਿਗਰੀ ਤੋਂ ਮਾਈਨਸ 150 ਡਿਗਰੀ ਸੈਲਸੀਅਸ ਤੱਕ ਹੁੰਦਾ ਹੈ। ਮੌਤ ਤੋਂ ਤੁਰੰਤ ਬਾਅਦ, ਸਰੀਰ ਨੂੰ ਬਾਹਰੀ ਆਈਸ ਪੈਕ ਦੀ ਮਦਦ ਨਾਲ ਠੰਡਾ ਕੀਤਾ ਜਾਂਦਾ ਹੈ ਅਤੇ ਬਚਾਅ ਕੇਂਦਰ ਵਿੱਚ ਲਿਜਾਇਆ ਜਾਂਦਾ ਹੈ। ਮਰਨ ਤੋਂ ਬਾਅਦ ਜਲਦੀ ਤੋਂ ਜਲਦੀ ਮੁਰਦਾ ਸਰੀਰ ਨੂੰ ਠੰਡਾ ਅਤੇ ਫ੍ਰੀਜ਼ ਕੀਤਾ ਜਾਂਦਾ ਹੈ, ਤਾਂ ਜੋ ਇਸਦੇ ਸੈੱਲ, ਖਾਸ ਕਰਕੇ ਦਿਮਾਗ ਦੇ ਸੈੱਲ, ਆਕਸੀਜਨ ਦੀ ਘਾਟ ਕਾਰਨ ਟੁੱਟਣ ਅਤੇ ਨਸ਼ਟ ਨਾ ਹੋਣ। ਇਸ ਲਈ ਪਹਿਲਕਦਮੀਸਰੀਰ ਨੂੰ ਬਰਫ਼ ਨਾਲ ਠੰਢਾ ਕੀਤਾ ਜਾਂਦਾ ਹੈ। ਸੰਭਾਲ ਕੇਂਦਰ ਵਿੱਚ ਪਹੁੰਚਣ ਤੋਂ ਬਾਅਦ, ਸਰੀਰ ਵਿੱਚੋਂ ਖੂਨ ਬਾਹਰ ਕੱਢਿਆ ਜਾਂਦਾ ਹੈ ਅਤੇ ਸਰੀਰ ਦੇ ਅੰਗਾਂ ਨੂੰ ਜੰਮਣ ਤੋਂ ਰੋਕਣ ਲਈ, ਐਂਟੀ-ਫ੍ਰੀਜ਼ਿੰਗ ਤਰਲ ਨੂੰ ਧਮਨੀਆਂ ਵਿੱਚ ਡੋਲ੍ਹਿਆ ਜਾਂਦਾ ਹੈ ਅਤੇ ਖੋਪੜੀ ਵਿੱਚ ਛੋਟੇ ਛੇਕ ਕੀਤੇ ਜਾਂਦੇ ਹਨ। ਇਸ ਤੋਂ ਬਾਅਦ ਸਰੀਰ 'ਚੋਂ ਖੂਨ ਕੱਢ ਕੇ ਉਸ ਦੀ ਥਾਂ 'ਤੇ ਕੈਮੀਕਲ ਮਿਲਾਏ ਜਾਂਦੇ ਹਨ, ਜਿਨ੍ਹਾਂ ਨੂੰ 'ਕ੍ਰਾਇਓ-ਪ੍ਰੋਟੈਕਟੈਂਟ' ਤਰਲ ਕਿਹਾ ਜਾਂਦਾ ਹੈ। ਇਸ ਦੇ ਅੰਗਾਂ ਵਿੱਚ ਬਰਫ਼ ਨਹੀਂ ਬਣਦੀ। ਇਹ ਮਹੱਤਵਪੂਰਨ ਹੈ ਕਿਉਂਕਿ ਜੇਕਰ ਬਰਫ਼ ਜੰਮ ਜਾਂਦੀ ਹੈ ਤਾਂ ਇਹ ਜ਼ਿਆਦਾ ਥਾਂ ਲਵੇਗੀ ਅਤੇ ਸੈੱਲ ਦੀਵਾਰ ਟੁੱਟ ਜਾਵੇਗੀ। ਇਸ ਤੋਂ ਬਾਅਦ, ਸਰੀਰ ਨੂੰ ਸਲੀਪਿੰਗ ਬੈਗ ਵਿੱਚ ਪਾ ਦਿੱਤਾ ਜਾਂਦਾ ਹੈ ਅਤੇ ਤਰਲ ਹੁੰਦਾ ਹੈਇਸ ਨੂੰ ਮਾਈਨਸ 196 ਡਿਗਰੀ ਸੈਲਸੀਅਸ ਦੇ ਤਾਪਮਾਨ 'ਤੇ ਨਾਈਟ੍ਰੋਜਨ ਵਿੱਚ ਰੱਖਿਆ ਜਾਂਦਾ ਹੈ। 2021 ਵਿੱਚ, ਕੰਪਨੀ ਨੇ 184 ਮਰੀਜ਼ਾਂ ਦੀਆਂ ਲਾਸ਼ਾਂ ਨੂੰ ਫ੍ਰੀਜ਼ ਕੀਤਾ ਸੀ। ਹੁਣ ਇਹ ਦਾਅਵਾ ਕੀਤਾ ਜਾ ਰਿਹਾ ਹੈ ਕਿ ਅਮਰੀਕਾ ਦੀਆਂ ਵੱਖ-ਵੱਖ ਕੰਪਨੀਆਂ ਨੇ 900 ਤੋਂ ਵੱਧ ਲੋਕਾਂ ਦੀਆਂ ਲਾਸ਼ਾਂ ਨੂੰ ਫਰੀਜ਼ ਕੀਤਾ ਹੈ। ਅਤੇ 3000 ਵਿਅਕਤੀਆਂ ਨੇ ਆਪਣੀਆਂ ਲਾਸ਼ਾਂ ਨੂੰ ਫ੍ਰੀਜ਼ ਕਰਨ ਲਈ ਰਾਖਵਾਂਕਰਨ ਕੀਤਾ ਹੈ। ਪਰ ਕੀ ਇਹ ਸੰਭਵ ਹੈ? ਦਰਅਸਲ, ਕ੍ਰਾਇਓਜੇਨਿਕ ਤਕਨਾਲੋਜੀ ਵਿ-ਗਆਨਕ ਕਲਪਨਾ ਦੀ ਉਪਜ ਹੈ, ਜਿਸ ਵਿੱਚ ਸਰੀਰ ਨੂੰ ਜੀ ਉੱਠਣ ਦੀ ਉਮੀਦ ਵਿੱਚ ਸੁਰੱਖਿਅਤ ਰੱਖਿਆ ਜਾਂਦਾ ਹੈ। ਮੌਜੂਦਾ ਵਿ-ਗਆਨ ਅਜੇ ਤੱਕ ਇਹਨਾਂ ਗਲੇਸ਼ੀਅਰ ਪ੍ਰਕਿਰਿਆਵਾਂ ਨੂੰ ਸਮਝਣ ਲਈ ਇੰਨਾ ਵਿਕਸਤ ਨਹੀਂ ਹੋਇਆ ਹੈ।ਲਾਸ਼ਾਂ ਨੂੰ ਸੁਰਜੀਤ ਕਰ ਸਕਦਾ ਹੈ। 1964 ਵਿੱਚ, ਵਿਗਿਆਨੀ ਅਤੇ ਲੇਖਕ ਰੌਬਰਟ ਐਟਿੰਗਰ ਨੇ ਕ੍ਰਾਇਓਜੇਨਿਕਸ ਸੰਕਲਪ ਨੂੰ ਦੁਨੀਆ ਵਿੱਚ ਪੇਸ਼ ਕੀਤਾ। ਖੋਜ ਲਗਾਤਾਰ ਜਾਰੀ ਰਹੀ। ਇਸ ਤਕਨੀਕ ਦੇ ਸਮਰਥਕਾਂ ਦਾ ਕਹਿਣਾ ਹੈ ਕਿ ਕੁਝ ਜੀਵ ਅਜਿਹੇ ਹੁੰਦੇ ਹਨ ਜੋ ਠੰਢ ਤੋਂ ਬਾਅਦ ਆਪਣੇ ਆਪ ਮੁੜ ਸੁਰਜੀਤ ਹੁੰਦੇ ਹਨ। ਇਨ੍ਹਾਂ ਜੀਵਾਂ ਵਿੱਚ ਆਰਕਟਿਕ ਖੇਤਰ ਦੀਆਂ ਜ਼ਮੀਨੀ ਗਿਲਹੀਆਂ, ਕੱਛੂਆਂ ਦੀਆਂ ਕੁਝ ਕਿਸਮਾਂ ਅਤੇ ਟਾਰਡੀਗ੍ਰੇਡ ਸ਼ਾਮਲ ਹਨ। ਰਾਬਰਟ ਐਟੀਨਗਰ ਦੀ ਧਾਰਨਾ ਦਾ ਸਮਰਥਨ ਕਰਨ ਵਾਲੇ ਵਿਗਿਆਨੀ ਕਹਿੰਦੇ ਹਨ ਕਿ ਉਮੀਦ ਹੈ। ਮਰੀਜ਼ ਇਸ ਉਮੀਦ ਵਿੱਚ ਆਪਣੇ ਸਰੀਰ ਨੂੰ ਫ੍ਰੀਜ਼ ਕਰਦੇ ਹਨ ਕਿ ਭਵਿੱਖ ਵਿੱਚ ਮੈਡੀਕਲ ਸਾਇੰਸਉਨ੍ਹਾਂ ਦੀ ਮੌਤ ਨੂੰ ਉਲਟਾ ਕੇ, ਇਹ ਉਨ੍ਹਾਂ ਨੂੰ ਜੀਣ ਦਾ ਇੱਕ ਹੋਰ ਮੌਕਾ ਦੇਵੇਗਾ।







# ਨਵੇਂ ਸਾਲ-2024 ਦੇ ਸੰਕਲਪ ਮਹੱਤਵਪੂਰਨ ਕਿਉਂ ਹਨ?

-ਵਿਜੈ ਗਰਗ-

ਸੋਸ਼ਲ ਮੀਡੀਆ ਛੱਡੋ, ਭਾਰ ਘਟਾਓ, ਅਲਕੋਹਲ ਕੱਟੋ, ਅਤੇ ਕੁਝ ਹੋਰ ਸਨੂਜ਼ ਫੈਸਟ ਕਰੋ। ਇਹ ਟੀਚੇ ਸੁਣਨ ਵਿੱਚ ਚੰਗੇ ਹਨ, ਪਰ ਅਸੀਂ ਅਸਲ ਵਿੱਚ ਕਦੇ ਵੀ ਉਹਨਾਂ ਨਾਲ ਜੁੜੇ ਨਹੀਂ ਰਹਿੰਦੇ। ਨਵੇਂ ਸਾਲ ਦਾ ਸੰਕਲਪ ਇੱਕ ਪਰੰਪਰਾ ਹੈ ਜੋ ਪੱਛਮੀ ਸੰਸਾਰ ਵਿੱਚ ਆਮ ਤੌਰ 'ਤੇ ਚੰਗੇ ਅਭਿਆਸ ਦੀ ਚੋਣ ਕਰਨ ਜਾਂ ਇੱਕ ਵਿੱਚ ਅਣਚਾਹੇ ਵਿਵਹਾਰ ਨੂੰ ਬਦਲਣ ਅਤੇ ਆਉਣ ਵਾਲੇ ਸਾਲ ਵਿੱਚ ਇਸਨੂੰ ਪੂਰਾ ਕਰਨ ਲਈ ਅਪਣਾਇਆ ਜਾਂਦਾ ਹੈ। ਇਹ ਤੁਹਾਡੇ ਜੀਵਨ ਵਿੱਚ ਅਤੇ ਗਤੀਵਿਧੀ ਵੱਲ ਧਿਆਨ ਕੇਂਦਰਿਤ ਕਰਨ ਵਿੱਚ ਮਦਦ ਕਰਦਾ ਹੈ, ਜਦੋਂ ਕਿ ਇਹ ਤੁਹਾਨੂੰ ਇੱਕ ਬਿਹਤਰ ਯੋਜਨਾ ਦੇ ਨਾਲ ਸਪਸ਼ਟਤਾ ਪ੍ਰਦਾਨ ਕਰਨ ਵਿੱਚ ਵੀ ਮਦਦ ਕਰਦਾ ਹੈ। ਇਸ ਲਈ, ਇਸ ਸਾਲ ਚੀਜ਼ਾਂ ਨੂੰ ਹਿਲਾਉਣ ਦੀ ਕੋਸ਼ਿਸ਼ ਨਾ ਕਰੋ ਅਤੇ ਆਪਣੇ ਨਵੇਂ ਸਾਲ ਦੇ ਸੰਕਲਪਾਂ ਨੂੰ ਧਰਤੀ ਅਤੇ ਆਪਣੇ ਨਿੱਜੀ ਵਿਕਾਸ ਦੇ ਆਲੇ ਦੁਆਲੇ ਰੱਖੋ. ਜੇ ਤੁਹਾਨੂੰ ਲੋੜ ਹੈ, ਤਾਂ ਅਸੀਂ ਕੁਝ ਵਿਚਾਰਾਂ ਨਾਲ ਤੁਹਾਡੀ ਮਦਦ ਲਈ ਹਾਂ।




## ਆਪਣੇ ਰਿਸ਼ਤੇ 'ਤੇ ਧਿਆਨ ਦਿਓ

ਆਪਣੇ ਅਜ਼ੀਜ਼ਾਂ ਨਾਲ ਆਪਣੇ ਸਬੰਧਾਂ ਦਾ ਪਾਲਣ ਕਰੋ ਅਤੇ ਤਰਜੀਹ ਦਿਓ। ਭਾਵੇਂ ਇਹ ਤੁਹਾਡਾ ਪਰਿਵਾਰ, ਦੋਸਤ ਜਾਂ ਸਹਿਕਰਮੀ ਹੋਵੇ, ਉਹਨਾਂ ਨਾਲ ਇੱਕ ਅਰਥਪੂਰਨ ਸਬੰਧ ਨੂੰ ਬੰਨ੍ਹਦੇ ਹੋਏ ਸਮਾਂ ਅਤੇ ਮਿਹਨਤ ਦਾ ਨਿਵੇਸ਼ ਕਰਨ ਦੀ ਕੋਸ਼ਿਸ਼ ਕਰੋ ਜੋ ਤੁਹਾਡੇ ਬੰਧਨ ਨੂੰ ਮਜ਼ਬੂਤ ਕਰ ਸਕਦਾ ਹੈ ਅਤੇ ਤੁਹਾਡੇ ਭਾਵਨਾਤਮਕ ਹੋਣ ਲਈ ਸਕਾਰਾਤਮਕ ਯੋਗਦਾਨ ਵੀ ਦੇਵੇਗਾ।

## ਨਵੇਂ ਤਜ਼ਰਬਿਆਂ ਦੀ ਕੋਸ਼ਿਸ਼ ਕਰੋ

ਕਿਸੇ ਨੂੰ ਹਮੇਸ਼ਾ ਨਵੀਆਂ ਚੀਜ਼ਾਂ ਦੀ ਪੜਚੋਲ ਕਰਨ ਅਤੇ ਅਜ਼ਮਾਉਣ ਅਤੇ ਨਵੇਂ ਤਜ਼ਰਬੇ ਕਰਨ ਲਈ ਇੱਕ ਪਿੱਛਾ ਦੀ ਚੋਣ ਕਰਨੀ ਚਾਹੀਦੀ ਹੈ ਜੋ ਜੀਵਨ ਵਿੱਚ ਇੱਕ ਭਰਪੂਰ ਅਨੁਭਵ ਅਤੇ ਪਹਿਲੂ ਨੂੰ ਜੋੜਦਾ ਹੈ। ਕਿਸੇ ਨੂੰ ਆਪਣੇ ਆਰਾਮ ਖੇਤਰ ਤੋਂ ਬਾਹਰ ਜਾਣ ਦੀ ਕੋਸ਼ਿਸ਼ ਕਰਨੀ ਚਾਹੀਦੀ ਹੈ ਅਤੇ ਸਵੈ-ਖੋਜ ਅਤੇ ਸਵੈ-ਵਿਕਾਸ ਨਾਲ ਸਬੰਧਤ ਅਣਜਾਣ ਦਰਵਾਜ਼ਿਆਂ ਨੂੰ ਗਲੇ ਲਗਾਉਣਾ ਚਾਹੀਦਾ ਹੈ। ਇੱਕ ਨਵਾਂ ਸ਼ੌਕ ਲੱਭੋ, ਜਾਂ ਵੱਖ-ਵੱਖ ਸਭਿਆਚਾਰਾਂ ਵਿੱਚ ਉੱਦਮ ਕਰੋ ਅਤੇ ਇਸ ਬਾਰੇ ਸਭ ਕੁਝ ਜਾਣੋ ਅਤੇ ਸਿੱਖੋ। ਖੋਜ ਦੀ ਕਿਰਿਆ ਕਿਸੇ ਦੇ ਆਤਮ-ਵਿਸ਼ਵਾਸ ਦੇ ਪੱਧਰ ਨੂੰ ਵਧਾਉਂਦੀ ਹੈ ਅਤੇ ਰਚਨਾਤਮਕਤਾ ਨੂੰ ਵੀ ਜਗਾਉਂਦੀ ਹੈ।

## ਵਾਤਾਵਰਣ ਸਥਿਰਤਾ

ਵਾਤਾਵਰਨ ਸਥਿਰਤਾ ਇੱਕ ਨਾਜ਼ੁਕ ਹੱਲ ਹੋ ਸਕਦਾ ਹੈ ਜਿਸ ਲਈ ਛੋਟੇ ਯਤਨਾਂ ਦੁਆਰਾ ਰੋਜ਼ਾਨਾ ਧਿਆਨ ਦੀ ਡੂੰਘੀ ਮਾਤਰਾ ਦੀ ਲੋੜ ਹੋਵੇਗੀ। ਜਿਵੇਂ ਕਿ ਅਸੀਂ ਆਧੁਨਿਕ ਸੰਸਾਰ ਵਿੱਚ ਨੈਵੀਗੇਟ ਕਰਦੇ ਹਾਂ, ਅਸੀਂ ਵਾਤਾਵਰਣ-ਅਨੁਕੂਲ ਅਭਿਆਸਾਂ ਦੀ ਚੋਣ ਕਰ ਸਕਦੇ ਹਾਂ, ਅਤੇ ਜੀਵਨ ਦੀ ਇੱਕ ਟਿਕਾਊ ਸ਼ੈਲੀ ਵੀ ਅਪਣਾ ਸਕਦੇ ਹਾਂ। ਕਿਸੇ ਨੂੰ ਸਚੇਤ ਚੋਣਾਂ ਕਰਨੀਆਂ ਚਾਹੀਦੀਆਂ ਹਨ ਜਿਵੇਂ ਕਿ ਊਰਜਾ ਦੀ ਸੰਭਾਲ, ਸਹਿਯੋਗੀ ਪਹਿਲਕਦਮੀਆਂ ਜੋ ਵਾਤਾਵਰਣ ਦੀ ਸੰਭਾਲ ਨੂੰ ਤਰਜੀਹ ਦਿੰਦੀਆਂ ਹਨ, ਅਤੇ ਰਹਿੰਦ-ਖੂੰਹਦ ਨੂੰ ਘਟਾਉਣਾ। ਇਹਨਾਂ ਗਤੀਵਿਧੀਆਂ ਦੀ ਵਕਾਲਤ ਕਰਕੇ ਤੁਸੀਂ ਮਨੁੱਖ ਅਤੇ ਕੁਦਰਤ ਵਿਚਕਾਰ ਸ਼ਾਂਤੀ ਲਿਆ ਸਕਦੇ ਹੋ।

## ਸਕਾਰਾਤਮਕ ਡਿਜੀਟਲ ਮੌਜੂਦਗੀ ਬਣਾਈ ਰੱਖੋ

ਸਕਾਰਾਤਮਕ ਡਿਜੀਟਲ ਮੌਜੂਦਗੀ ਬਣਾਈ ਰੱਖੋ ਅਤੇ ਆਪਣੇ ਸੋਸ਼ਲ ਮੀਡੀਆ ਪਲੇਟਫਾਰਮਾਂ ਦੀ ਵਰਤੋਂ ਉਸਾਰੂ ਰੁਝੇਵਿਆਂ ਦੇ ਢੰਗ ਨਾਲ ਕਰੋ। ਔਨਲਾਈਨ ਦਿਖਾਏ ਗਏ ਦੂਜਿਆਂ ਦੇ ਅਨੁਭਵਾਂ, ਗਤੀਵਿਧੀਆਂ, ਪ੍ਰਾਪਤੀਆਂ ਅਤੇ ਰੁਝੇਵਿਆਂ ਤੋਂ ਪ੍ਰਭਾਵਿਤ ਨਾ ਹੋਵੋ, ਪਰ ਹਮੇਸ਼ਾ ਯਾਦ ਰੱਖੋ ਕਿ ਕਹਾਣੀ ਦੇ ਦੋ ਹਿੱਸੇ ਹੁੰਦੇ ਹਨ, ਅਤੇ ਔਨਲਾਈਨ ਹਰ ਚੀਜ਼ ਸੱਚ ਨਹੀਂ ਹੁੰਦੀ ਹੈ। ਧੀਰਜ ਰੱਖੋ ਅਤੇ ਸਰਗਰਮੀ ਨਾਲ ਔਨਲਾਈਨ ਇੱਕ ਦੂਜੇ ਦਾ ਸਮਰਥਨ ਕਰਦੇ ਹੋਏ ਉਤਸ਼ਾਹਜਨਕ ਸਮੱਗਰੀ ਨੂੰ ਸਾਂਝਾ ਕਰੋ।

## ਆਪਣੇ ਆਪ ਨੂੰ ਤਰਜੀਹ ਦਿਓ

ਸਵੈ-ਸੰਭਾਲ ਨੂੰ ਤਰਜੀਹ ਦਿਓ ਅਤੇ ਮੰਗ ਕਰਨ ਵਾਲੀ ਦੁਨੀਆ ਨਾਲ ਸ਼ਾਂਤੀ ਬਣਾਓ। ਹੋਰ ਜਾਣਬੁੱਝ ਕੇ ਅਤੇ ਘੱਟ ਜੋਖਮ ਭਰੇ ਕਦਮ ਚੁੱਕਣ ਦੀ ਕੋਸ਼ਿਸ਼ ਕਰੋ ਜੋ ਜੀਵਨ ਵਿੱਚ ਵਿਚਾਰਸ਼ੀਲ ਅਤੇ ਸਕਾਰਾਤਮਕ ਤਬਦੀਲੀਆਂ ਜਾਂ ਨਤੀਜੇ ਲਿਆਵੇ। ਆਪਣੀਆਂ ਸੀਮਾਵਾਂ ਬਣਾਓ, ਤਣਾਅ ਅਤੇ ਚਿੰਤਾ ਦਾ ਪ੍ਰਬੰਧਨ ਕਰਨਾ ਸਿੱਖੋ, ਅਤੇ ਅਜਿਹੀਆਂ ਗਤੀਵਿਧੀਆਂ ਨੂੰ ਸ਼ਾਮਲ ਕਰੋ ਜੋ ਤੁਹਾਡੇ ਰੋਜ਼ਾਨਾ ਦੇ ਰੁਟੀਨ ਵਿੱਚ ਸ਼ਾਮਲ ਕਰਦੇ ਹੋਏ ਤੁਹਾਡੇ ਲਈ ਆਰਾਮ ਅਤੇ ਦਿਮਾਗ ਨੂੰ ਉਤਸ਼ਾਹਿਤ ਕਰਦੇ ਹਨ।

## ਸਿਹਤ ਅਤੇ ਤੰਦਰੁਸਤੀ

ਜੀਵਨ ਵਿੱਚ ਸਿਹਤ ਹਮੇਸ਼ਾ ਤੁਹਾਡੀ ਤਰਜੀਹ ਹੋਣੀ ਚਾਹੀਦੀ ਹੈ। ਇਸ ਲਈ, ਅਗਲੇ ਸਾਲ ਇੱਕ ਸੰਤੁਲਿਤ ਅਤੇ ਵਧੇਰੇ ਫਿੱਟ ਜੀਵਨ ਸ਼ੈਲੀ ਦੀ ਕੋਸ਼ਿਸ਼ ਕਰੋ। ਸਰੀਰਕ ਗਤੀਵਿਧੀਆਂ ਵਿੱਚ ਸ਼ਾਮਲ ਹੋਵੋ ਜਿਵੇਂ ਕਿ ਤਾਕਤ ਦੀ ਸਿਖਲਾਈ, ਅਤੇ ਕਾਰਡੀਓ ਅਭਿਆਸ, ਅਤੇ ਆਪਣੀ ਭਾਵਨਾਤਮਕ ਸਿਹਤ ਅਤੇ ਸਥਿਤੀ ਵੱਲ ਵੀ ਬਰਾਬਰ ਧਿਆਨ ਦਿਓ। ਹਰ ਰੋਜ਼ ਅੱਧਾ ਘੰਟਾ ਆਪਣੇ ਲਈ ਕੱਢੋ ਅਤੇ ਯੋਗਾ ਦਾ ਧਿਆਨ ਜਾਂ ਅਭਿਆਸ ਕਰਨ ਦੀ ਕੋਸ਼ਿਸ਼ ਕਰੋ, ਜਿਸ ਦੇ ਮਨ, ਸਰੀਰ ਅਤੇ ਆਤਮਾ ਲਈ ਵਿਲੱਖਣ ਲਾਭ ਹਨ। ਇਹ ਤੁਹਾਡੇ ਸਰੀਰ ਵਿੱਚ ਸਾਹ ਦੇ ਨਿਯੰਤਰਣ, ਦਿਮਾਗ਼ੀਤਾ ਅਤੇ ਲਚਕਤਾ ਵਿੱਚ ਵੀ ਸੁਧਾਰ ਕਰਦਾ ਹੈ।

## ਵਿੱਤੀ ਭਲਾਈ

ਵਿੱਤੀ ਸਸ਼ਕਤੀਕਰਨ ਇੱਕ ਤਬਦੀਲੀ ਦੀ ਪ੍ਰਕਿਰਿਆ ਹੈ ਜੋ ਸਮੇਂ ਦੇ ਨਾਲ ਵਾਪਰਦੀ ਹੈ। ਹਾਲਾਂਕਿ, ਸਮੇਂ ਦੇ ਨਾਲ ਇਸ ਨੂੰ ਪ੍ਰਾਪਤ ਕਰਨ ਲਈ, ਕਿਸੇ ਨੂੰ ਸਖਤ ਮਿਹਨਤ ਕਰਨੀ ਚਾਹੀਦੀ ਹੈ ਅਤੇ ਆਪਣੇ ਟੀਚਿਆਂ ਅਤੇ ਰਣਨੀਤਕ ਵਿੱਤੀ ਫੈਸਲਿਆਂ ਪ੍ਰਤੀ ਇਮਾਨਦਾਰੀ ਦੀ ਕੋਸ਼ਿਸ਼ ਕਰਨੀ ਚਾਹੀਦੀ ਹੈ। ਵਿੱਤੀ ਸਾਖਰਤਾ ਪੈਦਾ ਕਰਕੇ, ਬੱਚਤ ਕਰਨ ਅਤੇ ਖਰਚ ਕਰਨ ਦੀਆਂ ਆਦਤਾਂ 'ਤੇ ਕੁਝ ਸਪੱਸ਼ਟ ਟੀਚੇ ਨਿਰਧਾਰਤ ਕਰੋ, ਅਤੇ ਆਪਣੇ ਪੈਸੇ ਨੂੰ ਸਹੀ ਕੋਨੇ ਵਿੱਚ ਨਿਵੇਸ਼ ਕਰਨ ਦੀ ਪ੍ਰਕਿਰਿਆ ਦੀ ਚੋਣ ਕਰੋ।

# ਵਿੱਤ ਮੰਤਰੀ ਚੀਮਾ ਵੱਲੋਂ ਸਕੂਲ ਸਿੱਖਿਆ ਵਿਭਾਗ ਨੂੰ ਮਿਡ-ਡੇ-ਮੀਲ ਕੁੱਕਾਂ ਦੀਆਂ ਤਨਖਾਹਾਂ ਬਾਰੇ ਕਮੇਟੀ ਬਣਾਉਣ ਦੇ ਨਿਰਦੇਸ਼

## ਮਿਡ-ਡੇ-ਮੀਲ ਕੁੱਕ ਯੂਨੀਅਨਾਂ ਨਾਲ ਮੀਟਿੰਗ ਦੌਰਾਨ ਮੰਗਾਂ ਬਾਰੇ ਕੀਤੀ ਵਿਸਥਾਰ ਨਾਲ ਚਰਚਾ

ਚੰਡੀਗੜ੍ਹ, 26 ਦਸੰਬਰ (ਪੋਸਟ ਬਿਊਰੋ): ਪੰਜਾਬ ਦੇ ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਅੱਜ ਇੱਥੇ ਮਿਡ-ਡੇ-ਮੀਲ ਕੁੱਕਜ਼ ਯੂਨੀਅਨਾਂ ਦੇ ਨੁਮਾਇੰਦਿਆਂ ਨਾਲ ਮੀਟਿੰਗ ਦੌਰਾਨ ਸਕੂਲ ਸਿੱਖਿਆ ਵਿਭਾਗ ਨੂੰ ਹਦਾਇਤ ਕੀਤੀ ਕਿ ਉਹ ਸਿੱਖਿਆ ਅਤੇ ਵਿੱਤ ਵਿਭਾਗਾਂ ਦੇ ਅਧਿਕਾਰੀਆਂ ਅਤੇ ਯੂਨੀਅਨ ਦੇ ਨੁਮਾਇੰਦਿਆਂ ਦੀ ਸ਼ਮੂਲੀਅਤ ਵਾਲੀ ਕਮੇਟੀ ਬਣਾਵੇ ਜੋ ਮਿਡ-ਡੇ-ਮੀਲ ਕੁੱਕਾਂ ਦੀ ਤਨਖ਼ਾਹ ਨਾਲ ਸਬੰਧਤ ਵੱਖ-ਵੱਖ ਪਹਿਲੂਆਂ ਬਾਰੇ ਅਧਿਐਨ ਕਰਕੇ ਆਪਣੀ ਰਿਪੋਰਟ ਪੇਸ਼ ਕਰੇ ਤਾਂ ਜੋ ਉਨ੍ਹਾਂ ਦੀਆਂ ਤਨਖ਼ਾਹਾਂ ਵਿੱਚ ਵਾਧਾ ਕਰਨ ਬਾਰੇ ਫ਼ੈਸਲਾ ਜਲਦੀ ਤੋਂ ਜਲਦੀ ਲਿਆ ਜਾ ਸਕੇ।



ਸੁਖਾਵੇਂ ਮਾਹੌਲ ਵਿੱਚ ਹੋਈ ਇਸ ਮੀਟਿੰਗ ਦੌਰਾਨ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਮਿਡ-ਡੇ-ਮੀਲ ਕੁੱਕ ਯੂਨੀਅਨਾਂ ਵੱਲੋਂ ਉਠਾਈਆਂ ਮੰਗਾਂ ਬਾਰੇ ਵਿਸਥਾਰ ਵਿੱਚ ਚਰਚਾ ਕੀਤੀ। ਵਿੱਤ ਮੰਤਰੀ ਨੇ ਸਕੂਲ ਸਿੱਖਿਆ ਵਿਭਾਗ ਨੂੰ ਬੈਂਕਾਂ ਜਾਂ ਬੀਮਾ ਕੰਪਨੀਆਂ ਨਾਲ ਸਲਾਹ-ਮਸ਼ਵਰਾ ਕਰਕੇ ਇੱਕ ਬੀਮਾ ਪਾਲਿਸੀ ਤਿਆਰ ਕਰਨ ਦੇ ਨਿਰਦੇਸ਼ ਦਿੱਤੇ ਜੋ ਮਿਡ-ਡੇ-ਮੀਲ ਕੁੱਕਾਂ ਨੂੰ ਸਿਹਤ ਅਤੇ ਜੀਵਨ ਬੀਮਾ ਦੋਵੇਂ ਮੁਹੱਈਆ ਕਰਵਾ ਸਕਣ।

ਵਿੱਤ ਮੰਤਰੀ ਨੇ ਸਿੱਖਿਆ ਵਿਭਾਗ ਨੂੰ ਮਿਡ-ਡੇ-ਮੀਲ ਲਈ ਕੁੱਕਾਂ ਦੀ ਨਿਯੁਕਤੀ ਬਾਰੇ ਸਕੂਲ ਪ੍ਰਬੰਧਕ ਕਮੇਟੀਆਂ ਨੂੰ ਦਿਸ਼ਾ-ਨਿਰਦੇਸ਼ ਜਾਰੀ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਇਨ੍ਹਾਂ ਦਿਸ਼ਾ-ਨਿਰਦੇਸ਼ਾਂ ਵਿੱਚ ਉਨ੍ਹਾਂ ਕੁੱਕਾਂ ਨੂੰ ਪਹਿਲ ਦਿੱਤੀ ਜਾਵੇ ਜਿਨ੍ਹਾਂ ਕੋਲ ਇਸ ਸਕੀਮ ਤਹਿਤ ਪਹਿਲਾਂ ਕੰਮ ਦਾ ਤਜਰਬਾ ਹੈ। ਉਨ੍ਹਾਂ ਕਿਹਾ ਕਿ ਇਸ ਦਾ ਸਿੱਧਾ ਲਾਭ ਉਨ੍ਹਾਂ ਮਿਡ-ਡੇ-ਮੀਲ ਕੁੱਕਾਂ ਨੂੰ ਹੋਵੇਗਾ ਜਿਨ੍ਹਾਂ ਨੂੰ ਵਿਆਹ ਜਾਂ ਕਿਸੇ ਹੋਰ ਠੋਸ ਕਾਰਨ ਕਰਕੇ ਸਕੂਲ ਬਦਲਣਾ ਪੈਂਦਾ ਹੈ। ਉਨ੍ਹਾਂ ਕਿਹਾ ਕਿ ਚੋਣਾਂ ਦੌਰਾਨ ਇੰਨ੍ਹਾਂ ਕੁੱਕਾਂ ਦੀਆਂ ਚੋਣ ਡਿਊਟੀਆਂ ਲਗਾਉਣ ਦੀ ਸੂਰਤ ਵਿੱਚ ਭੁਗਤਾਨ ਸਿੱਧਾ ਇੰਨ੍ਹਾਂ ਦੇ ਖਾਤਿਆਂ ਵਿੱਚ ਯਕੀਨੀ ਬਨਾਉਣ ਲਈ ਵੀ ਸਕੂਲ ਸਿੱਖਿਆ ਵਿਭਾਗ ਵੱਲੋਂ ਚੋਣ ਕਮਿਸ਼ਨ ਨੂੰ ਪੱਤਰ ਲਿਖਿਆ ਜਾਵੇ।

ਕੁੱਕ ਦੇ ਛੁੱਟੀ 'ਤੇ ਚਲੇ ਜਾਣ ਦੀ ਸੂਰਤ ਵਿੱਚ ਮਿਡ-ਡੇ-ਮੀਲ ਤਿਆਰ ਕਰਨ ਵਿੱਚ ਆ ਰਹੀਆਂ ਮੁਸ਼ਕਲਾਂ ਦੇ ਹੱਲ ਲਈ ਵਿੱਤ ਮੰਤਰੀ ਨੇ ਸਿੱਖਿਆ ਵਿਭਾਗ ਨੂੰ ਹਦਾਇਤ ਕੀਤੀ ਕਿ ਅਜਿਹੀ ਸਥਿਤੀ ਵਿੱਚ ਸਕੂਲ ਕਮੇਟੀਆਂ ਕੋਲ ਮੌਜੂਦ ਫੰਡਾਂ ਵਿੱਚੋਂ ਦਿਹਾੜੀ ਤੇ ਕੁੱਕ ਦਾ ਪ੍ਰਬੰਧ ਕਰਨ ਦੀਆਂ ਸੰਭਾਵਨਾਵਾਂ ਦਾ ਪਤਾ ਲਗਾਇਆ ਜਾਵੇ। ਉਨ੍ਹਾਂ ਕਿਹਾ ਕਿ ਵਿਭਾਗ ਵੱਲੋਂ ਮਿਡ-ਡੇ ਮੀਲ ਕੁੱਕਾਂ ਲਈ ਐਪਰਨ, ਟੋਪੀ, ਦਸਤਾਨੇ ਆਦਿ ਦਾ ਪ੍ਰਬੰਧ ਕਰਨ ਲਈ ਵੀ ਜਲਦੀ ਤੋਂ ਜਲਦੀ ਲੋੜੀਂਦੀ ਕਾਰਵਾਈ ਕੀਤੀ ਜਾਵੇ।

ਮੀਟਿੰਗ ਵਿੱਚ ਸਕੱਤਰ, ਸਕੂਲ ਸਿੱਖਿਆ ਕਮਲ ਕਿਸ਼ੋਰ ਯਾਦਵ, ਵਿਸ਼ੇਸ਼ ਸਕੱਤਰ-ਕਮ-ਡਾਇਰੈਕਟਰ ਜਨਰਲ, ਸਕੂਲ ਸਿੱਖਿਆ ਵਿਨੈ ਬੁਬਲਾਨੀ, ਅਤੇ ਵੱਖ-ਵੱਖ ਮਿਡ-ਡੇ ਮੀਲ ਕੁੱਕ ਯੂਨੀਅਨਾਂ ਦੇ ਆਗੂਆਂ ਵਿੱਚ ਕਰਮਚੰਦ ਚਿੰਡਾਲੀਆ, ਸੁਖਦੇਵ ਰਾਮ ਸ਼ਰਮਾ ਘੋਲੀਆ, ਹਰਜਿੰਦਰ ਕੌਰ, ਪ੍ਰਵੀਨ ਸ਼ਰਮਾ, ਪ੍ਰਵੀਨ ਬਾਲਾ ਅਤੇ ਲਖਵਿੰਦਰ ਕੌਰ ਹਾਜਿਰ ਸਨ।

# ਗੁਰਨਾਮ ਸਿੰਘ ਨੇ ਰੀਜਨਲ ਟਰਾਂਸਪੋਰਟ ਅਥਾਰਟੀ ਫਰੀਦਕੋਟ ਵਜੋਂ ਅਹੁਦਾ ਸੰਭਾਲਿਆ

ਫ਼ਰੀਦਕੋਟ 26 ਦਸੰਬਰ (ਗਿਆਨ ਸਿੰਘ): ਗੁਰਨਾਮ ਸਿੰਘ ਨੇ ਰੀਜਨਲ ਟਰਾਂਸਪੋਰਟ ਅਥਾਰਟੀ ਫਰੀਦਕੋਟ ਵਜੋਂ ਅੱਜ ਅਹੁਦਾ ਸੰਭਾਲਿਆ। ਇਸ ਮੌਕੇ ਹਲਕਾ ਵਿਧਾਇਕ ਗੁਰਦਿੱਤ ਸਿੰਘ ਸੇਖੋਂ ਉਨ੍ਹਾਂ ਨੂੰ ਵਧਾਈ ਦੇਣ ਲਈ ਵਿਸ਼ੇਸ਼ ਤੌਰ ਤੇ ਪੁੱਜੇ। ਸ. ਸੇਖੋਂ ਨੇ ਕਿਹਾ ਕਿ ਲੋਕਾਂ ਨੂੰ ਲਾਇਸੈਂਸ ਬਣਾਉਣ ਜਾਂ ਦਫ਼ਤਰ ਨਾਲ ਸਬੰਧਤ ਕੰਮ ਵਿਚ ਕਿਸੇ ਵੀ ਤਰ੍ਹਾਂ ਦੀ ਕੋਈ ਪ੍ਰੇਸ਼ਾਨੀ ਨਾ ਆਉਣ ਦਿੱਤੀ ਜਾਵੇ ਅਤੇ ਲੋਕਾਂ ਦੇ ਰੁਕੇ ਹੋਏ ਕੰਮਾਂ ਦਾ ਜਲਦ ਨਿਪਟਾਰਾ ਕੀਤਾ ਜਾਵੇ।

ਆਪਣਾ ਅਹੁਦਾ ਸੰਭਾਲਣ ਤੋਂ ਬਾਅਦ ਆਰ.ਟੀ.ਏ. ਗੁਰਨਾਮ ਸਿੰਘ ਨੇ ਸਮੂਹ ਸਟਾਫ ਨਾਲ ਮੀਟਿੰਗ ਕੀਤੀ ਅਤੇ ਕਿਹਾ ਕਿ ਇਨ੍ਹੀਂ ਦਿਨੀਂ ਪੈ ਰਹੀ ਧੁੰਦ ਕਾਰਨ ਰਾਹਗੀਰਾਂ ਤੇ ਵਾਹਨ ਚਾਲਕਾਂ ਨੂੰ ਸਫ਼ਰ ਦੌਰਾਨ ਵਧੇਰੇ ਚੌਕਸੀ ਤੇ ਸਾਵਧਾਨੀਆਂ ਵਰਤਣ ਦੀ ਲੋੜ ਹੈ।



ਉਨ੍ਹਾਂ ਸਮੂਹ ਨਾਗਰਿਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਆਵਾਜਾਈ ਨਿਯਮਾਂ ਦੀ ਉਲੰਘਣਾ ਨਾ ਕੀਤੀ ਜਾਵੇ ਅਤੇ ਸੁਰੱਖਿਅਤ ਆਵਾਜਾਈ ਨੂੰ ਯਕੀਨੀ ਬਣਾਉਣ ਲਈ ਸਰਕਾਰ ਵੱਲੋਂ ਜਾਰੀ ਦਿਸ਼ਾ ਨਿਰਦੇਸ਼ਾਂ ਦੀ ਇੰਨ ਬਿੰਨ ਪਾਲਣਾ ਨੂੰ ਯਕੀਨੀ ਬਣਾਇਆ ਜਾਵੇ। ਉਨ੍ਹਾਂ ਸਮੂਹ ਸਟਾਫ ਨੂੰ ਹਦਾਇਤ ਕੀਤੀ ਕਿ ਲੋਕਾਂ ਦੇ ਕੰਮ ਬਿਨਾਂ ਕਿਸੇ ਦੇਰੀ ਦੇ ਨਿਸ਼ਚਿਤ ਸਮੇਂ ਵਿੱਚ ਕੀਤੇ ਜਾਣ ਅਤੇ ਜੇਕਰ ਕੋਈ ਬੁਜ਼ਰਗ ਵਿਅਕਤੀ ਆਪਣਾ ਕੰਮ ਕਰਵਾਉਣ ਲਈ ਦਫਤਰ ਵਿੱਚ ਆਉਂਦਾ ਹੈ ਤਾਂ ਉਨ੍ਹਾਂ ਦਾ ਕੰਮ ਪਹਿਲ ਦੇ ਆਧਾਰ ਤੇ ਕੀਤਾ ਜਾਵੇ। ਇਸ ਮੌਕੇ ਗੁਰਮੀਤ ਸਿੰਘ ਕਲਰਕ, ਮਨਪ੍ਰੀਤ ਸ਼ਰਮਾ ਅਤੇ ਸਮੂਹ ਸਟਾਫ ਹਾਜ਼ਰ ਸੀ।

# ਲੋਕਾਂ ਨੂੰ ਭੀੜ ਵਾਲੀਆਂ ਥਾਵਾਂ ’ਤੇ ਜਾਣ ਸਮੇਂ ਮਾਸਕ ਪਾਉਣ ਦੀ ਅਪੀਲ

ਮੋਹਾਲੀ, 26 ਦਸੰਬਰ (ਗਿਆਨ ਸਿੰਘ): ਦੇਸ਼ ਦੇ ਕੁੱਝ ਹਿੱਸਿਆਂ ’ਚ ਕੋਵਿਡ-19 ਦੇ ਨਵੇਂ ਸਰੂਪ ਜੇਐਨ.1 ਦੇ ਕੇਸਾਂ ਵਿਚ ਹੋ ਰਹੇ ਵਾਧੇ ਦੇ ਸਨਮੁਖ ਜ਼ਿਲ੍ਹਾ ਸਿਹਤ ਵਿਭਾਗ ਨੇ ਜ਼ਿਲ੍ਹਾ ਵਾਸੀਆਂ ਨੂੰ ਸਾਵਧਾਨੀਆਂ ਵਰਤਣ ਦੀ ਸਲਾਹ ਦਿਤੀ ਹੈ। ਸਿਵਲ ਸਰਜਨ ਡਾ. ਮਹੇਸ਼ ਕੁਮਾਰ ਆਹੂਜਾ ਅਤੇ ਕੋਵਿਡ ਨੋਡਲ ਅਫ਼ਸਰ ਡਾ. ਸੁਭਾਸ਼ ਕੁਮਾਰ ਨੇ ਲੋਕਾਂ ਨੂੰ ਭੀੜ ਵਾਲੀਆਂ ਥਾਵਾਂ ’ਤੇ ਜਾਣ ਸਮੇਂ ਮਾਸਕ ਪਾਉਣ ਅਤੇ ਵਾਰ-ਵਾਰ ਹੱਥ ਧੋਣ ਜਿਹੇ ਬੁਨਿਆਦੀ ਕੋਵਿਡ ਪ੍ਰੋਟੋਕਾਲ ਦੀ ਪਾਲਣਾ ਕਰਨ ਦੀ ਅਪੀਲ ਕੀਤੀ ਹੈ। ਉਨ੍ਹਾਂ ਕਿਹਾ ਕਿ ਜੇ ਲਗਾਤਾਰ ਖੰਘ, ਜ਼ੁਕਾਮ, ਬੁਖ਼ਾਰ ਆਦਿ ਜਿਹੀ ਤਕਲੀਫ਼ ਹੋਵੇ ਤਾਂ ਸਰਕਾਰੀ ਸਿਹਤ ਸੰਸਥਾ ਵਿਚ ਜਾ ਕੇ ਡਾਕਟਰ ਦੀ ਸਲਾਹ ਲਈ ਜਾਵੇ ਅਤੇ ਕੋਵਿਡ ਟੈਸਟ ਕਰਵਾਇਆ ਜਾਵੇ।

ਸਿਹਤ ਅਧਿਕਾਰੀਆਂ ਨੇ ਆਖਿਆ ਕਿ ਜ਼ਿਲ੍ਹੇ ਦੀਆਂ ਸਾਰੀਆਂ ਵੱਡੀਆਂ ਸਰਕਾਰੀ ਸਿਹਤ ਸੰਸਥਾਵਾਂ ਵਿਚ ਜਿਥੇ ਕੋਵਿਡ ਮਰੀਜ਼ਾਂ ਲਈ ਵਿਸ਼ੇਸ਼ ਵਾਰਡ ਤਿਆਰ ਕੀਤੇ ਗਏ ਹਨ, ਉਥੇ ਕੋਵਿਡ ਟੈਸਟਿੰਗ ਵੀ ਲਗਾਤਾਰ ਜਾਰੀ ਹੈ। ਉਨ੍ਹਾਂ ਕਿਹਾ ਕਿ ਕੋਈ ਵੀ ਵਿਅਕਤੀ ਹਸਪਤਾਲ ਵਿਚ ਜਾ ਕੇ ਮੁਫ਼ਤ ’ਚ ਕੋਵਿਡ ਟੈਸਟ ਕਰਵਾ ਸਕਦਾ ਹੈ। ਉਨ੍ਹਾਂ ਇਹ ਵੀ ਕਿਹਾ ਕਿ ਲੋਕਾਂ ਨੂੰ ਨਵੇਂ ਵਾਇਰਸ ਤੋਂ ਘਬਰਾਉਣ ਦੀ ਲੋੜ ਨਹੀਂ ਕਿਉਂਕਿ ਸਥਿਤੀ ਪੂਰੀ ਤਰ੍ਹਾਂ ਕਾਬੂ ਹੇਠ ਹੈ। ਸਰਕਾਰੀ ਸੰਸਥਾਵਾਂ ਵਿਚ ਲੋੜੀਂਦੇ ਸਟਾਫ਼, ਪੀਪੀਈ ਕਿੱਟਾਂ, ਮਾਸਕ ਅਤੇਟੈਸਟਿੰਗ ਕਿੱਟਾਂ ਦਾ ਪੂਰਾ ਪ੍ਰਬੰਧ ਪਹਿਲਾਂ ਹੀ ਕੀਤਾ ਹੋਇਆ ਹੈ। ਉਨ੍ਹਾਂ ਕਿਹਾ ਕਿ ਜੇ ਕਿਸੇ ਨੂੰ ਮਾੜੀ-ਮੋਟੀ



ਤਕਲੀਫ਼ ਹੈ ਤਾਂ ਹਸਪਤਾਲ ਜਾਣ ਦੀ ਬਜਾਏ ਸਿਹਤ ਵਿਭਾਗ ਦੇ ਹੈਲਪਲਾਈਨ ਨੰਬਰ 104 ’ਤੇ ਫ਼ੋਨ ਕਰਕੇ ਵੀ ਡਾਕਟਰ ਦੀ ਸਲਾਹ ਲਈ ਜਾ ਸਕਦੀ ਹੈ।

ਸਿਹਤ ਅਧਿਕਾਰੀਆਂ ਨੇ ਆਖਿਆ ਕਿ ਲੋਕਾਂ ਦੇ ਸਹਿਯੋਗ ਨਾਲ ਕੋਵਿਡ ਜਿਹੀ ਮਹਾਂਮਾਰੀ ’ਤੇ ਪਹਿਲਾਂ ਹੀ ਕਾਬੂ ਪਾਇਆ ਜਾ ਚੁੱਕਾ ਹੈ। ਇਸ ਲਈ ਹੁਣ ਵੀ ਲੋਕਾਂ ਦਾ ਸਹਿਯੋਗ ਬਹੁਤਜ਼ਰੂਰੀ ਹੈ। ਲੋਕਾਂ ਨੂੰ ਖ਼ੁਦ ਹੀ ਜ਼ਰੂਰੀ ਸਾਵਧਾਨੀਆਂ ਵਰਤਣੀਆਂ ਚਾਹੀਦੀਆਂ ਹਨ। ਬਿਨਾਂ ਲੋੜ ਤੋਂ ਬਾਜ਼ਾਰਾਂ ਜਾਂ ਭੀੜ ਵਾਲੀਆਂ ਹੋਰ ਥਾਵਾਂ ’ਤੇ ਨਹੀਂ ਜਾਣਾ ਚਾਹੀਦਾ। ਗ਼ੈਰ-ਜ਼ਰੂਰੀ ਸਫ਼ਰ ਤੋਂ ਵੀ ਬਚਣਾ ਚਾਹੀਦਾ ਹੈ। ਜੇ ਭੀੜ ਵਾਲੀ ਜਗ੍ਹਾ ’ਤੇ ਜਾਣਾ ਬਹੁਤ ਜ਼ਰੂਰੀ ਹੈ ਤਾਂ ਮਾਸਕ ਜ਼ਰੂਰ ਪਾਉਣਾ ਚਾਹੀਦਾ ਹੈ ਕਿਉਂਕਿ ਮਾਸਕ ਪਾਉਣ ਨਾਲ ਇਸ ਵਾਇਰਸ ਦੀ ਲਪੇਟ ਵਿਚ ਆਉਣ ਤੋਂ ਕਾਫ਼ੀ ਹੱਦ ਤਕ ਬਚਾਅ ਹੋ ਸਕਦਾ ਹੈ। ਉਨ੍ਹਾਂ ਲੋਕਾਂ ਨੂੰ ਇਹ ਵੀ ਅਪੀਲ ਕੀਤੀ ਕਿ ਕੋਵਿਡ ਸਬੰਧੀ ਕਿਸੇ ਤਰ੍ਹਾਂ ਦੀ ਅਫ਼ਵਾਹ ਜਾਂ ਅਪੁਸ਼ਟ ਜਾਣਕਾਰੀ ’ਤੇ ਵਿਸ਼ਵਾਸ ਨਾ ਕੀਤਾ ਜਾਵੇ। ਕਿਸੇ ਵੀ ਜਾਣਕਾਰੀ ਦੀ ਤਸਦੀਕ ਲਈ ਸਿਹਤ ਵਿਭਾਗ ਦੀ ਹੈਲਪਲਾਈਨ ’ਤੇ ਸੰਪਰਕ ਕੀਤਾ ਜਾ ਸਕਦਾ ਹੈ।

# ਐੱਸ.ਬੀ.ਐੱਸ. ਸਟੇਟ ਯੂਨੀਵਰਸਿਟੀ ਵਿੱਚ ਮਹਾਨ ਗਣਿਤ ਵਿਗਿਆਨੀ ਨਿਵਾਸ ਰਾਮਾਨੁਜਨ ਦਾ ਜਨਮ ਦਿਨ ਮਨਾਇਆ

ਫਿਰੋਜ਼ਪੁਰ, 26 ਦਸੰਬਰ (ਗਿਆਨ ਸਿੰਘ): ਸ਼ਹੀਦ ਭਗਤ ਸਿੰਘ ਸਟੇਟ ਯੂਨੀਵਰਸਿਟੀ ਦੇ ਅਪਲਾਈਡ ਸਾਇੰਸ ਤੇ ਹਿਓਮੈਂਨਿਟੀਜ਼ ਵਿਭਾਗ ਵਲੋਂ ਏ.ਆਈ.ਸੀ.ਟੀ.ਈ ਦੇ ਦਿਸ਼ਾ-ਨਿਰਦੇਸ਼ਾਂ 'ਤੇ, ਮਹਾਨ ਭਾਰਤੀ ਗਣਿਤ ਸਾਸ਼ਤਰੀ ਨਿਵਾਸ ਰਾਮਾਨੁਜਨ ਦੇ ਜਨਮ ਦਿਵਸ ਤੇ ਰਾਸ਼ਟਰੀ ਗਣਿਤ ਦਿਵਸ ਮਨਾਇਆ ਗਿਆ। ਇਸ ਪ੍ਰੋਗਰਾਮ ਵਿੱਚ ਯੂਨੀਵਰਸਿਟੀ ਦੇ ਫੈਕਲਟੀ, ਸਟਾਫ਼ ਅਤੇ ਵਿਦਿਆਰਥੀਆਂ ਨੇ ਬੜੇ ਉਤਸ਼ਾਹ ਨਾਲ ਭਾਗ ਲਿਆ।

ਪ੍ਰੋਗਰਾਮ ਦਾ ਉਦੇਸ਼ ਰੋਜ਼ਾਨਾ ਦੀਆਂ ਸਥਿਤੀਆਂ ਵਿੱਚ ਗਣਿਤ ਦੀ ਮਹੱਤਤਾ ਬਾਰੇ ਜਾਗਰੂਕਤਾ ਪੈਦਾ ਕਰਨਾ ਅਤੇ ਵਿਦਿਆਰਥੀਆਂ ਵਿੱਚ ਗਣਿਤ ਪ੍ਰਤੀ ਰੁਚੀ ਪੈਦਾ ਕਰਨਾ ਸੀ। ਜ਼ਿਕਰਯੋਗ ਹੈ ਕਿ




ਰਾਮਾਨੁਜਨ ਦੇ ਗਣਿਤ ਵਿਸ਼ੇ ਸੰਬੰਧੀ ਪਾਏ ਯੋਗਦਾਨ ਦੀਯਾਦ ਵਿੱਚ 18 ਤੋਂ 24 ਦਸੰਬਰ 2023 ਤੱਕ "ਗਣਿਤ ਸਪਤਾਹ" ਮਨਾਇਆ ਜਾਂਦਾ ਹੈ। ਇਸ ਹਫ਼ਤੇ ਦੇ ਦੌਰਾਨ, ਅਪਲਾਈਡ ਸਾਇੰਸਜ਼ ਅਤੇ ਹਿਊਮੈਨਟੀਜ਼ ਵਿਭਾਗ ਨੇ ਕਈ ਪਹਿਲਕਦਮੀਆਂ ਜਿਵੇਂ ਕਿ ਮਾਹਿਰ ਲੈਕਚਰ, ਵਿਦਿਆਰਥੀਆਂ ਦੁਆਰਾ ਪੇਪਰ ਪੇਸ਼ਕਾਰੀ, ਕੁਇਜ਼ ਮੁਕਾਬਲਾ, ਰਾਮਾਨੁਜਨ ਦੇ ਜੀਵਨ ਅਤੇ ਕਾਰਜ 'ਤੇ ਲੇਖ ਆਦਿ ਮੁਕਾਬਲੇ ਕਰਵਾਏ।

ਇਸ ਮੌਕੇ 'ਤੇ ਗਣਿਤ ਦੇ ਪ੍ਰੋਫ਼ੈਸਰ ਡਾ: ਕੁਲਭੂਸ਼ਣ ਅਗਨੀਹੋਤਰੀ ਨੇ ਰਾਮਾਨੁਜਨ ਦੇ ਜੀਵਨ ਅਤੇ ਕਾਰਜਾਂ 'ਤੇ ਵਿਸਤਾਰ ਸਹਿਤ ਚਾਨਣਾ ਪਾਉਂਦਿਆਂ ਕਿਹਾ ਇਹ ਦਿਵਸ ਸਾਡੇ ਦੇਸ਼ ਦੀ ਨੌਜਵਾਨ ਪੀੜ੍ਹੀ ਵਿੱਚ ਗਣਿਤ ਸਿੱਖਣ ਲਈ ਪ੍ਰੇਰਣਾ, ਅਤੇ ਇੱਕ ਸਕਾਰਾਤਮਕ ਰਵੱਈਆ ਪੈਦਾ ਕਰੇਗਾ। ਯੂਨੀਵਰਸਿਟੀ ਰਜਿਸਟ੍ਰਾਰ ਡਾ ਗਜ਼ਲਪ੍ਰੀਤ ਸਿੰਘ ਨੇ ਅਪਲਾਈਡ ਸਾਇੰਸ ਵਿਭਾਗ ਨੂੰ ਅਜਿਹੇ ਪ੍ਰੋਗਰਾਮ ਕਰਵਾਉਣ ਤੇ ਵਧਾਈ ਸੰਦੇਸ਼ ਦਿੱਤਾ। ਗਣਿਤ ਦਿਵਸ 'ਤੇ ਅਪਲਾਈਡ ਸਾਇੰਸਜ਼ ਵਿਭਾਗ ਦੇ ਮੁਖੀ ਡਾ: ਕਿਰਨਜੀਤ ਕੌਰ ਦੁਆਰਾ ਲੇਖ ਲਿਖਣ ਵਿੱਚ ਗੌਰਵ ਗੌਰਵਪ੍ਰੀਤ ਸਿੰਘ ਅਤੇ ਅਕਸ਼ਤ ਜੈਨ ਨੂੰ ਕ੍ਰਮਵਾਰ ਪਹਿਲਾ, ਦੂਜਾ ਅਤੇ ਤੀਜਾ ਇਨਾਮ ਦਿੱਤਾ ਗਿਆ। ਇਸ ਮੌਕੇ ਡਾ. ਰਾਕੇਸ਼ ਕੁਮਾਰ, ਡਾ. ਸੁਨੀਲ ਬਹਿਲ, ਪੀ ਆਰ ਓ ਯਸ਼ਪਾਲ, ਗੁਰਪ੍ਰੀਤ ਸਿੰਘ, ਹਰਪਿੰਦਰਪਾਲ ਸਿੰਘ, ਪੂਨਮ ਬਹਿਲ, ਜਸਵੀਰ ਸ਼ਰਮਾ, ਸਿਮਰਨ, ਅਸ਼ੀਸ਼, ਸਤਨਾਮ ਸਿੰਘ ਹਾਜ਼ਰ ਸਨ।




